# ਪੰਜਾਬ ਸਰਕਾਰ
# ਸਿਹਤ ਤੇ ਪਰਿਵਾਰ ਭਲਾਈ ਵਿਭਾਗ
## (ਐਨਐਚਐਮ, ਪੰਜਾਬ)

ਨੰ. ਐਮਡੀ/ਐਨਐਚਐਮ/2020/3308(ਆਰ)-3311(ਆਰ) ਮਿਤੀ, ਚੰਡੀਗੜ੍ਹ, 7 ਮਈ, 2020

ਸੇਵਾ ਵਿਖੇ

1. ਕਮਿਸ਼ਨਰ, ਫੂਡ ਐਂਡ ਡਰੱਗ ਐਡਮਿਨੀਸਟ੍ਰੇਸ਼ਨ, ਪੰਜਾਬ।
2. ਸਮੂਹ ਡਿਵੀਜ਼ਨਲ ਕਮਿਸ਼ਨਰਜ਼, ਪੰਜਾਬ।
3. ਸਮੂਹ ਡਿਪਟੀ ਕਮਿਸ਼ਨਰਜ਼, ਪੰਜਾਬ।
4. ਸਮੂਹ ਡੀਐਚਓ, ਪੰਜਾਬ।

**ਵਿਸ਼ਾ :** **ਕੋਵਿਡ -19 ਮਹਾਂਮਾਰੀ ਦੌਰਾਨ ਖਾਣੇ ਅਤੇ ਘਰ ਦੀਆਂ ਹੋਰ ਜ਼ਰੂਰੀ ਵਸਤੂਆਂ ਦੀ ਸੁਰੱਖਿਆ ਅਤੇ ਸੰਭਾਲ ਸੰਬੰਧੀ ਸਲਾਹ।**

ਕੋਰੋਨਾ ਵਾਇਰਸ (ਕੋਵਿਡ-19) ਸਿਸਟਮਿਕ ਬਿਮਾਰੀ ਹੈ, ਜੋ ਨੋਵਲ ਕੋਰੋਨਾ ਵਾਇਰਸ (SARS-CoV-2) ਨਾਲ ਹੁੰਦੀ ਹੈ ਅਤੇ ਜ਼ਿਆਦਾਤਰ ਮੌਕਿਆਂ ਤੇ ਛਿੱਕਾਂ ਤੇ ਖੰਘ ਦੇ ਛਿੱਟਿਆਂ ਰਾਹੀਂ ਸਾਹ ਜ਼ਰੀਏ ਅੰਦਰ ਜਾਣ ਨਾਲ, ਪੀੜ੍ਹਤ ਵਿਅਕਤੀ ਦੇ ਸੰਪਰਕ ਵਿੱਚ ਆਉਣ ਨਾਲ ਅਤੇ ਸੰਕ੍ਰਮਿਤ ਚੀਜ਼ਾਂ/ਵਸਤੂਆਂ ਨੂੰ ਛੂਹਣ ਨਾਲ ਫ਼ੈਲਦੀ ਹੈ। ਹਾਲਾਂਕਿ ਇਹ ਵਾਇਰਸ ਵੱਖ-ਵੱਖ ਸਤਿਹਾਂ ਉਪਰ ਵੱਖ-ਵੱਖ ਸਮੇਂ ਤੱਕ ਜੀਵਿਤ ਰਹਿੰਦਾ ਹੈ, ਪਰ ਕੈਮੀਕਲ ਡਿਸਇਨਫੈਕਟੈਂਟ ਨਾਲ ਇਹ ਆਸਾਨੀ ਨਾਲ ਖ਼ਤਮ ਹੋ ਜਾਂਦਾ ਹੈ। ਇਸ ਲਈ ਜੇਕਰ ਸਹੀ ਅਤੇ ਸਮੇਂ ਤੇ ਜਾਣਕਾਰੀ ਹੋਵੇ ਤਾਂ ਕੋਰੋਨਾ ਵਾਇਰਸ ਮਹਾਂਮਾਰੀ ਨੂੰ ਰੋਕਿਆ ਜਾ ਸਕਦਾ ਹੈ।

ਪੰਜਾਬ ਸਰਕਾਰ ਵੱਲੋਂ ਕੋਵਿਡ-19 ਮਹਾਂਮਾਰੀ ਦੌਰਾਨ ਲੋਕਾਂ ਦੇ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਸਾਰੇ 22 ਜ਼ਿਲ੍ਹਿਆਂ ਵਿੱਚ ਕਰਫਿਊ ਲਗਾ ਕੇ ਇੱਕ ਵਿਅਕਤੀ ਤੋਂ ਦੂਜੇ ਵਿਅਕਤੀ ਤੱਕ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਲੋਕਾਂ ਦੇ ਬਾਹਰ ਘੁੰਮਣ ਤੇ ਸਖ਼ਤ ਪਾਬੰਦੀਆਂ ਲਗਾਈਆਂ ਗਈਆਂ ਹਨ। ਹਾਲਾਂਕਿ ਸਰਕਾਰ ਵੱਲੋਂ ਮੁਸ਼ਕਿਲਾਂ ਨੂੰ ਘੱਟ ਕਰਨ ਲਈ ਜ਼ਰੂਰੀ ਗਤੀਵਿਧੀਆਂ ਕਰਨ ਦੀ ਮੰਜ਼ੂਰੀ ਦਿੱਤੀ ਗਈ ਹੈ। ਇਸ ਦੇ ਨਾਲ ਹੀ ਸਰਕਾਰ ਵੱਲੋਂ ਕੁਝ ਦੁਕਾਨਾਂ ਨੂੰ ਇਸ ਸ਼ਰਤ ਤੇ ਚਲਾਉਣ ਦੀ ਮੰਜ਼ੂਰੀ ਦਿੱਤੀ ਗਈ ਹੈ ਕਿ ਉਹ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਜਾਰੀ ਕੀਤੀਆਂ ਗਈਆਂ ਸਾਵਧਾਨੀਆਂ ਦਾ ਪੂਰੀ ਤਰ੍ਹਾਂ ਪਾਲਣ ਕਰਨਗੇ। ਇਸਦੇ ਨਾਲ ਹੀ ਸਰਕਾਰ ਵੱਲੋ ਕੁਝ ਜਰੂਰੀ ਵਸਤੂਆਂ ਜਿਵੇਂ ਕਿ ਪੱਕਿਆ ਭੋਜਨ, ਕਰਿਆਨੇ ਦਾ ਸਮਾਨ ਆਦਿ ਦੀ ਡਿਲੀਵਰੀ ਦੀ ਮਨਜ਼ੂਰੀ ਇਸ ਸ਼ਰਤ ਤੇ ਦਿੱਤੀ ਗਈ ਹੈ ਕਿ ਉਹ ਸੁਰੱਖਿਆ ਅਤੇ ਸਫਾਈ ਦੇ ਸਾਰੇ ਨਿਯਮਾਂ ਦਾ ਪਾਲਣ ਕਰਨਗੇ।

ਦੁਕਾਨਾਂ ਦੀ ਸਾਫ਼ ਸਫ਼ਾਈ (ਹਾਈਜੀਨ ਤੇ ਸੈਨੀਟਾਈਜ਼ੇਸ਼ਨ) ਸੰਬੰਧੀ ਵਿਸ਼ੇਸ਼ ਤੇ ਵਿਸਥਾਰਪੂਰਵਕ ਸਲਾਹ ਪੱਤਰ ਨੰਬਰ ਐਮਡੀ/ਐਨਐਚਐਮ/2020/3168 (ਆਰ)-3177 (ਆਰ) ਮਿਤੀ 28 ਅਪ੍ਰੈਲ 2020 ਜਾਰੀ ਕੀਤੀ ਗਈ ਸੀ। ਪਰੰਤੂ ਲੋਕਾਂ ਨੂੰ ਇਸ ਬਾਰੇ ਸਹੀ ਸੂਚਨਾ ਤੇ ਸੁਚੇਤ ਕਰਨ ਦੇ ਉਦੇਸ਼ ਨੂੰ ਮੁੱਖ ਰੱਖਦੇ ਹੋਏ ਇਹ ਜ਼ਰੂਰਤ ਸਮਝੀ ਗਈ ਕਿ ਕਰਿਆਨਾ, ਖਾਣਾ ਪਕਾਉਣ ਆਦਿ ਦੁਕਾਨਾਂ ਲਈ ਵਿਸ਼ੇਸ਼ ਸਲਾਹਕਾਰੀ ਜਾਰੀ ਕੀਤੀ ਜਾਵੇ। ਇਸ ਲਈ ਕੋਵਿਡ-19 ਦੌਰਾਨ ਗ੍ਰਾਹਕਾਂ ਨੇ ਖਾਣ-ਪੀਣ ਦਾ ਸਮਾਨ ਕਿਵੇਂ ਸੰਭਾਲਣਾ ਹੈ ਅਤੇ ਇਨ੍ਹਾਂ ਦੇ ਨਾਲ ਨਾਲ ਦੁਕਾਨਦਾਰਾਂ ਨੇ ਖਾਣਾ ਕਿਵੇਂ ਸੰਭਾਲਣਾ ਹੈ, ਬਾਰੇ ਜਾਗਰੂਕਤਾ ਪੈਦਾ ਕੀਤੀ ਜਾ ਰਹੀ ਹੈ।

**ੳ) ਆਮ ਦਿਸ਼ਾ-ਨਿਰਦੇਸ਼** :

ਦੁਕਾਨਾਂ ਲਈ ਵਿਸਥਾਰਪੂਰਵਕ ਸਲਾਹਕਾਰੀ ਪੱਤਰ ਨੰਬਰ ਐਮਡੀ/ਐਨਐਚਐਮ/2020/3168 (ਆਰ)-3177 (ਆਰ) ਮਿਤੀ 28 ਅਪ੍ਰੈਲ 2020 ਦੇ ਹਵਾਲੇ ਅਨੁਸਾਰ ਹੇਠ ਲਿਖੀ ਮੁੱਖ ਵਿਸ਼ੇਸ਼ਤਾਵਾਂ ਹਨ –

1. ਗ੍ਰਾਹਕਾਂ ਅਤੇ ਡਿਲਵਰੀ ਸਟਾਫ ਵੱਲੋ ਹਰ ਸਮੇਂ ਕੱਪੜੇ ਦਾ ਮਾਸਕ ਪਹਿਨ ਕੇ ਰੱਖਿਆ ਜਾਵੇਗਾ, ਭਾਵੇਂ ਉਹ ਸਮਾਨ ਖਰੀਦਣ ਲਈ ਜਾਂ ਆਰਡਰ ਲੈਣ ਲਈ ਕੇਵਲ ਕੁਝ ਸਮੇਂ ਲਈ ਹੀ ਅੰਦਰ ਹੋਣ।

2. ਮਾਸਕ ਇਸ ਢੰਗ ਨਾਲ ਪਹਿਨਿਆ ਜਾਵੇ ਕਿ ਨੱਕ ਤੇ ਮੂੰਹ ਚੰਗੀ ਤਰ੍ਹਾਂ ਢੱਕਿਆ ਜਾਵੇ।

3. ਕੱਪੜੇ ਦੇ ਮਾਸਕ ਨੂੰ ਰੋਜ਼ਾਨਾ ਸਾਬਣ ਤੇ ਪਾਣੀ ਨਾਲ ਧੋ ਕੇ ਵਰਤਿਆ ਜਾਵੇ।

4. ਗ੍ਰਾਹਕ ਅਤੇ ਡਿਲਵਰੀ ਸਟਾਫ ਇੱਕ ਦੂਜੇ ਨਾਲ ਹੱਥ ਨਾ ਮਿਲਾਉਣ ਅਤੇ ਨਾ ਹੀ ਗਲੇ ਮਿਲਣ, ਭਾਵੇਂ ਕੋਈ ਜਾਣਕਾਰ ਹੀ ਹੋਵੇ।

5. ਸਾਰਿਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਸਮਾਜਿਕ ਦੂਰੀ ਦੇ ਨਿਯਮਾਂ ਦੀ ਸਖਤੀ ਨਾਲ ਪਾਲਣਾ ਕੀਤੀ ਜਾਵੇ ਅਤੇ ਹਰ ਸਮੇਂ ਇੱਕ ਦੂਜੇ ਤੋਂ ਘੱਟੋ-ਘੱਟ 1 ਮੀਟਰ ਦੀ ਦੂਰੀ ਬਣਾ ਕੇ ਰੱਖੀ ਜਾਵੇ।

6. ਗ੍ਰਾਹਕਾਂ ਅਤੇ ਡਿਲਵਰੀ ਸਟਾਫ ਵੱਲੋਂ ਸਮਾਜਿਕ ਦੂਰੀ ਦੇ ਨਿਯਮਾਂ ਜਾਂ ਦੁਕਾਨਦਾਰ ਵੱਲੋਂ ਦੁਕਾਨ ਦੇ ਬਾਹਰ ਲਗਾਏ ਨਿਸ਼ਾਨਾ ਦੀ ਸਖਤੀ ਨਾਲ ਪਾਲਣਾ ਕੀਤੀ ਜਾਵੇ। ਸਭ ਦੇ ਵੱਲੋਂ ਆਪਣੀ ਵਾਰੀ ਦੀ ਉਡੀਕ ਕੀਤੀ ਜਾਵੇ ਅਤੇ ਕਿਸੇ ਵੀ ਹਾਲਾਤ ਵਿਚ ਭੀੜ੍ਹ ਨਾ ਹੋਣ ਦਿੱਤੀ ਜਾਵੇ।

7. ਸਾਰੇ ਗ੍ਰਾਹਕਾਂ ਅਤੇ ਡਿਲਵਰੀ ਸਟਾਫ ਵੱਲੋਂ ਪੈਰਾਂ ਨਾਲ ਚੱਲਣ ਵਾਲੇ ਹੈਂਡ-ਵਾਸ਼ਿੰਗ ਸਟੇਸ਼ਨ ਦੀ ਵਰਤੋਂ ਕਰ ਕੇ ਹੱਥਾਂ ਨੂੰ ਸਾਫ ਕੀਤਾ ਜਾਵੇ।

8. ਜਦੋਂ ਵੀ ਮੌਕਾ ਮਿਲੇ ਤਾਂ ਹੱਥਾਂ ਨੂੰ ਸਾਬਣ ਤੇ ਪਾਣੀ ਨਾਲ ਘੱਟੋ-ਘੱਟ 40 ਸੈਕਿੰਡ ਤੱਕ ਧੋਵੋ, ਹੱਥਾਂ ਦੀਆਂ ਤਲੀਆਂ, ਹੱਥਾਂ ਦਾ ਪਿੱਛਲਾ ਪਾਸਾ, ਉਂਗਲਾਂ ਤੇ ਅੰਗੂਠੇ ਦੇ ਵਿਚਕਾਰ ਦੀ ਜਗ੍ਹਾ ਤੇ ਗੁੱਟਾਂ ਨੂੰ ਚੰਗੀ ਤਰ੍ਹਾਂ ਰਗੜੋ। ਹਾਲਾਂਕਿ ਹਰੇਕ 2 ਘੰਟੇ ਬਾਅਦ ਹੱਥ ਧੋਣ ਦੀ ਸਲਾਹ ਦਿੱਤੀ ਜਾਂਦੀ ਹੈ।

9. ਇਸਦੇ ਨਾਲ ਹੀ ਗ੍ਰਾਹਕਾਂ ਅਤੇ ਡਿਲਵਰੀ ਸਟਾਫ ਵੱਲੋਂ ਦੁਕਾਨ ਵਿੱਚ ਪ੍ਰਵੇਸ਼ ਸਥਾਨ ਤੇ ਹੱਥ ਸਾਫ਼ ਕਰਨ ਲਈ ਲੱਗੇ ਅਲਕੋਹਲ ਯੁਕਤ ਹੈਂਡ ਸੈਨੀਟਾਈਜ਼ਰ ਦੀ ਵਰਤੋਂ ਕੀਤੀ ਜਾਵੇ।

10. ਦੁਕਾਨਦਾਰਾਂ/ਵਰਕਰਾਂ ਅਤੇ ਗ੍ਰਾਹਕਾਂ ਦੇ ਲਈ ਦੁਕਾਨ ਵਿੱਚ ਪ੍ਰਵੇਸ਼ ਸਥਾਨ ਤੇ ਹੱਥ ਸਾਫ਼ ਕਰਨ ਲਈ ਅਲਕੋਹਲ ਯੁਕਤ ਹੈਂਡ ਸੈਨੀਟਾਈਜ਼ਰ (ਘੱਟੋ-ਘੱਟ 70 ਪ੍ਰਤੀਸ਼ਤ ਇਥਾਈਲ ਅਲਕੋਹਲ) ਦਾ ਪ੍ਰਬੰਧ ਕੀਤਾ ਜਾਵੇ। ਸਮੇਂ-ਸਮੇਂ ਤੇ ਸੈਨੀਟਾਈਜ਼ਰਾਂ ਨੂੰ ਰੀ-ਫਿਲ ਜਾਂ ਬਦਲਿਆ ਜਾਵੇ। ਘੱਟੋ-ਘੱਟ 3 ਐਮਐਲ ਸੈਨੀਟਾਈਜ਼ਰ (ਲਗਭਗ 2 ਵਾਰ ਦਬਾ ਕੇ ਕੱਢੋ) ਸੁੱਕੇ ਹੱਥਾਂ ਤੇ ਲਗਾਓ ਅਤੇ ਘੱਟੋ-ਘੱਟ 30 ਸੈਕਿੰਡ ਤੱਕ ਮਲੋ।

11. ਜੇਕਰ ਹੱਥ ਸਾਫ਼ ਦਿਖਾਈ ਦੇ ਰਹੇ ਹੋਣ ਤਾਂ ਵੀ ਹੱਥਾਂ ਨੂੰ ਧੋਵੋ ਜਾਂ ਸੈਨੀਟਾਈਜ਼ ਕਰੋ।

12. ਉਪਲਬੱਧਤਾ ਅਨੁਸਾਰ ਹੱਥਾਂ ਨੂੰ ਸਾਬਣ ਅਤੇ ਪਾਣੀ ਨਾਲ ਜਾਂ ਸੈਨੀਟਾਈਜ਼ਰ ਨਾਲ ਸਾਫ਼ ਕਰੋ।

13. ਗ੍ਰਾਹਕਾਂ ਅਤੇ ਡਿਲਵਰੀ ਸਟਾਫ ਵੱਲੋਂ ਦੁਕਾਨ/ਮਾਰਕਿਟ ਵਿੱਚ ਧੂਮਰਪਾਨ ਜਾਂ ਤੰਬਾਕੂ ਆਧਾਰਿਤ ਚੀਜ਼ਾਂ ਜਿਵੇਂ ਕਿ ਗੁਟਕਾ, ਪਾਨ ਮਸਾਲਾ ਆਦਿ ਦਾ ਸੇਵਨ ਨਾ ਕੀਤਾ ਜਾਵੇ।

14. ਜੇਕਰ ਕਿਸੇ ਵੀ ਗ੍ਰਾਹਕ/ਡਿਲਵਰੀ ਸਟਾਫ ਨੂੰ ਖੰਘ/ਛਿੱਕਾਂ ਆ ਰਹੀਆਂ ਹਨ ਤਾਂ ਰੁਮਾਲ ਨਾਲ ਮੂੰਹ ਤੇ ਨੱਕ ਨੂੰ ਢੱਕਿਆ ਜਾਵੇ, ਜਿਸ ਨੂੰ ਆਪਣੀ ਜੇਬ/ਪਰਸ ਵਿੱਚ ਰੱਖਿਆ ਜਾਵੇ ਅਤੇ ਇਸ ਰੁਮਾਲ ਨੂੰ ਕਿਸੇ ਹੋਰ ਵਸਤੂ ਦੇ ਸੰਪਰਕ ਵਿੱਚ ਨਾ ਆਉਣ ਦਿੱਤਾ ਜਾਵੇ।

15. ਜੇਕਰ ਗ੍ਰਾਹਕ/ਡਿਲਵਰੀ ਸਟਾਫ ਕੋਲ ਰੁਮਾਲ ਨਹੀਂ ਹੈ ਤਾਂ ਆਪਣੇ ਮੂੰਹ ਤੇ ਨੱਕ ਨੂੰ ਆਪਣੀ ਕੂਹਣੀ ਨਾਲ ਢੱਕੋ।

16. ਉਪਰੋਕਤ ਦੋਵਾਂ ਮਾਮਲਿਆਂ ਵਿੱਚ ਆਪਣੇ ਹੱਥ ਜਾਂ ਖੰਘ/ਛਿੱਕਾਂ ਦੇ ਸੰਪਰਕ ਵਿੱਚ ਆਏ ਹੋਰ ਹਿੱਸਿਆਂ ਨੂੰ ਨਿਯਮਿਤ ਢੰਗ ਨਾਲ ਧੋਤਾ ਜਾਂ ਸੈਨੀਟਾਈਜ਼ ਕੀਤਾ ਜਾਵੇ।

17.ਗ੍ਰਾਹਕ/ਡਿਲਵਰੀ ਸਟਾਫ ਆਪਣੇ ਚਿਹਰੇ, ਮੂੰਹ, ਨੱਕ, ਅੱਖਾਂ ਨੂੰ ਹੱਥਾਂ ਨਾਲ ਨਾ ਛੂਹਣ।

18. ਗ੍ਰਾਹਕ/ਡਿਲਵਰੀ ਸਟਾਫ ਖੁੱਲ੍ਹੇ ਵਿੱਚ ਨਾ ਥੁੱਕੋ ਅਤੇ ਜ਼ਰੂਰਤ ਪੈਣ ਤੇ ਦੁਕਾਨ/ਜਨਤਕ ਟਾਇਲਟ ਦੇ ਵਾਸ਼ਬੇਸਨ ਦੀ ਵਰਤੋਂ ਕਰੋ, ਜਿਸ ਨੂੰ ਬਾਅਦ ਵਿੱਚ ਨਿਯਮਿਤ ਢੰਗ ਨਾਲ ਸਾਫ ਕੀਤਾ ਜਾਵੇ।

19. ਗ੍ਰਾਹਕ/ਡਿਲਵਰੀ ਸਟਾਫ ਵੱਲੋਂ ਕਿਸੇ ਵੀ ਪ੍ਰਕਾਰ ਦਾ ਕੋਈ ਵੀ ਜਨਤਕ, ਧਾਰਮਿਕ, ਰਾਜਨੀਤਿਕ ਆਦਿ ਇਕੱਠ ਨਾ ਕੀਤਾ ਜਾਵੇ।

20. ਗ੍ਰਾਹਕਾਂ ਵੱਲੋਂ ਡਿਜ਼ੀਟਲ ਭੁਗਤਾਨ ਨੂੰ ਪਹਿਲ ਦਿੱਤੀ ਜਾਵੇ। ਦੁਕਾਨਦਾਰ ਜਾਂ ਉਨ੍ਹਾਂ ਦੇ ਵਰਕਰਾਂ ਅਤੇ ਗ੍ਰਾਹਕ ਵੱਲੋਂ ਜੇਕਰ ਕਰੰਸੀ ਲੈਣ-ਦੇਣ (ਕੈਸ਼ ਟਰਾਂਸੇਕਸ਼ਨ) ਕੀਤਾ ਜਾਂਦਾ ਹੈ ਤਾਂ ਇਸਤੋਂ ਪਹਿਲਾਂ ਤੇ ਤੁਰੰਤ ਬਾਅਦ ਆਪਣੇ ਹੱਥਾਂ ਨੂੰ ਸੈਨੀਟਾਈਜ਼ ਕੀਤਾ ਜਾਵੇ।

21. ਗ੍ਰਾਹਕ/ਡਿਲਵਰੀ ਸਟਾਫ ਵੱਲੋਂ ਬਿਨ੍ਹਾਂ ਕਿਸੇ ਪੁਖ਼ਤਾ ਜਾਣਕਾਰੀ ਤੋਂ ਕੋਵਿਡ-19 ਦੇ ਬਾਰੇ ਗੱਲਾਂ/ਅਫ਼ਵਾਹਾਂ ਨਾ ਫੈਲਾਈਆਂ ਜਾਣ। ਮੈਨੇਜਮੈਂਟ ਵੱਲੋਂ ਮੁਲਾਜਮਾਂ ਨੂੰ ਸਹੀ ਤੇ ਪੁਖ਼ਤਾ ਜਾਣਕਾਰੀ ਲਈ ਪੰਜਾਬ ਸਰਕਾਰ ਵੱਲੋਂ ਬਣਾਈ ਗਈ ਕੋਵਾ ਐਪ ਡਾਊਨਲੋਡ ਕਰਨ ਲਈ ਪ੍ਰੇਰਿਤ ਕੀਤਾ ਜਾਵੇ।

**ਅ) ਗ੍ਰਾਹਕਾਂ/ਖਪਤਕਾਰਾਂ ਲਈ ਵਿਸ਼ੇਸ਼ ਦਿਸ਼ਾ-ਨਿਰਦੇਸ਼:**

1. ਖਪਤਕਾਰਾਂ ਵੱਲੋਂ ਸਮਾਨ ਖਰੀਦਣ ਲਈ ਆਪਣੇ ਘਰੋਂ ਹੀ ਕੱਪੜੇ ਦਾ ਥੈਲਾ ਲਿਆਂਦਾ ਜਾਵੇ। ਇਸ ਕੱਪੜੇ ਦੇ ਥੈਲੇ ਨੂੰ ਬਾਅਦ ਵਿੱਚ ਕੋਸੇ ਪਾਣੀ ਅਤੇ ਸਾਬਣ/ਡਿਟਰਜੈਂਟ ਨਾਲ ਧੋਤਾ ਜਾਵੇ।

2. ਖਪਤਕਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਅਜਿਹੇ ਸਮਾਨ/ਚੀਜਾਂ ਨੂੰ ਸੋਡੇ ਵਾਲੇ ਕੋਸੇ ਪਾਣੀ ਨਾਲ ਧੋ ਲੈਣ ਅਤੇ ਬਾਅਦ ਵਿਚ ਸਾਫ ਕੱਪੜੇ ਨਾਲ ਪੂੰਝ ਲੈਣ।

3. ਖਾਣੇ ਦੀਆਂ ਸਾਰੀਆਂ ਵਸਤੂਆਂ ਨੂੰ ਸਾਫ ਤਾਜ਼ੇ ਪਾਣੀ ਨਾਲ ਧੋਤਾ ਜਾਵੇ। ਕੱਚੇ ਖਾਧੇ ਜਾਣ ਵਾਲੇ ਫ਼ਲ ਅਤੇ ਸਬਜ਼ੀਆਂ ਨੂੰ 50 ਪੀਪੀਐੱਮ ਕਲੋਰੀਨ ਅਤੇ ਤਾਜ਼ੇ ਪਾਣੀ ਨਾਲ ਧੋਤਾ ਜਾਵੇ।

4. ਗ੍ਰਾਹਕਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਕਿਸੇ ਵੀ ਖਰਾਬ ਹੋਏ / ਬਾਸੇ ਭੋਜਨ ਨੂੰ ਫਰਿੱਜ ਵਿੱਚ ਨਾ ਰੱਖਿਆ ਨਾ ਰੱਖਣ।

5. ਗ੍ਰਾਹਕਾਂ ਵੱਲੋਂ ਆਪਣੇ ਫਰਿੱਜ ਨੂੰ ਸਮੇਂ-ਸਮੇਂ ਤੇ ਅੰਦਰੋਂ ਅਤੇ ਬਾਹਰੋਂ ਸਾਫ ਕੀਤਾ ਜਾਵੇ।

6. ਕਿਸੇ ਵੀ ਕਰਿਆਨੇ ਦੇ ਸਮਾਨ ਜਾਂ ਖਾਣੇ ਦੀ ਡਿਲਵਰੀ ਲੈਣ ਸਮੇਂ ਖਪਤਕਾਰਾਂ ਵੱਲੋ ਸੁਰੱਖਿਆ ਦੇ ਲਈ ਡਿਜੀਟਲ ਪੇਮੈਂਟ ਨੂੰ ਤਰਜੀਹ ਦਿੱਤੀ ਜਾਵੇ ।

7. ਖਪਤਕਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਪਕਾਈਆਂ ਜਾ ਚੁੱਕੀਆਂ ਖਾਣ ਵਾਲੀਆਂ ਚੀਜ਼ਾਂ ਜਾਂ ਖਾਣ ਲਈ ਤਿਆਰ ਚੀਜ਼ਾਂ ਨੂੰ ਖੁੱਲ੍ਹੇ ਵਿੱਚ ਨਾ ਛੱਡੋ। ਉਹ ਆਪਣੀਆਂ ਖਾਣ ਪੀਣ ਦੀਆਂ ਸਾਰੀਆਂ ਚੀਜ਼ਾਂ ਨੂੰ ਬੰਦ ਡੱਬਿਆਂ ਵਿੱਚ ਰੱਖਣ।

**ੲ) ਖਾਣਾ ਮੁਹੱਈਆ ਕਰਵਾਉਣ ਵਾਲਿਆਂ (Food Handlers) ਲਈ ਖਾਸ ਸਲਾਹ** :

1. ਫੂਡ ਹੈਂਡਲਰ ਵੱਲੋਂ ਹਰ ਸਮੇਂ ਸਾਫ਼ ਵਰਦੀ, ਦਸਤਾਨੇ, ਕੱਪੜੇ ਦੇ ਮਾਸਕ / ਫੇਸ ਕਵਰ ਅਤੇ ਹੈੱਡ ਕਵਰ ਪਹਿਨੇ ਜਾਣ।

2. ਜੇਕਰ ਨਿੱਜੀ ਸਮਾਨ ਰੱਖਣ ਲਈ ਕੋਈ ਲੋਕਰ ਹੈ ਤਾਂ ਉਸਨੂੰ ਕਿਸੇ ਹੋਰ ਨਾਲ ਸਾਂਝਾ ਨਾ ਕੀਤਾ ਜਾਵੇ।

3. ਖਾਣਾ ਤਿਆਰ ਕਰਨ ਵਾਲੀ ਜਗ੍ਹਾਂ/ਰਸੋਈ ਅੰਦਰ ਵੀ ਸਟਾਫ ਵਿਚਕਾਰ 1 ਮੀਟਰ ਦੀ ਸਮਾਜਿਕ ਦੂਰੀ ਬਣਾ ਕੇ ਰੱਖੀ ਜਾਵੇ।

4. ਖਾਣਾ ਸੰਭਾਲਣ ਵਾਲਿਆਂ ਵੱਲੋਂ ਆਪਣੇ ਹੱਥਾਂ ਨੂੰ ਸਮੇਂ-ਸਮੇਂ ਤੇ ਸਾਬਣ ਤੇ ਪਾਣੀ ਨਾਲ ਧੋਤਾ ਜਾਵੇ। ਖਾਣਾ ਤਿਆਰ ਕਰਦੇ ਸਮੇਂ / ਸੰਭਾਲਣ ਦੌਰਾਨ ਦਸਤਾਨਿਆਂ ਦਾ ਪ੍ਰਯੋਗ ਕੀਤਾ ਜਾਵੇ।

5. ਖਾਣਾ ਸੰਭਾਲਣ ਵਾਲੇ ਸਟਾਫ ਵੱਲੋਂ ਖਾਣਾ ਬਣਾਉਣ ਵਾਲੀ ਜਗ੍ਹਾਂ ਤੇ ਕਿਸੇ ਵੀ ਤਰ੍ਹਾਂ ਦੇ ਗਹਿਣੇ, ਘੜੀ ਆਦਿ ਨੂੰ ਪਹਿਨਣ ਤੋਂ ਪਰਹੇਜ਼ ਕੀਤਾ ਜਾਵੇ।

6. ਖਾਣਾ ਸੰਭਾਲਣ ਵਾਲਿਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਹਰ ਖਾਣਾ ਤਿਆਰ ਹੋਣ ਤੋਂ ਬਾਅਦ ਖਾਣੇ ਦੇ ਸਰਵਿਸ ਖੇਤਰ ਨੂੰ ਸਾਫ਼ ਅਤੇ ਰੋਗਾਣੂ ਮੁਕਤ ਕੀਤਾ ਜਾਵੇ। ਜੇਕਰ ਕੋਈ ਖਾਣਾ/ਤਰਲ ਪਦਾਰਥ ਗਿਰਿਆ ਹੈ ਤਾਂ ਉਸਨੂੰ ਸਾਫ਼ ਕੀਤਾ ਜਾਵੇ।

7. ਜਿਆਦਾ ਛੂਹਣ ਵਾਲੀਆਂ ਵਸਤੂਆਂ ਜਿਵੇਂ ਕਿ ਵਰਕਿੰਗ ਕਾਊਂਟਰ, ਡੋਰ ਨੋਬ, ਉਪਕਰਣਾਂ ਦੇ ਹੈਂਡਲ, ਬਿਲਿੰਗ ਕਾਊਂਟਰ, ਕਾਰਡ ਮਸ਼ੀਨਾਂ ਆਦਿ ਨੂੰ ਵਾਰ-ਵਾਰ ਰੋਗਾਣੂ-ਮੁਕਤ ਕਰੋ ।

8. ਖਾਣੇ ਨਾਲ ਸਿੱਧੇ ਸੰਪਰਕ ਨੂੰ ਰੋਕਣ ਲਈ ਫੂਡ ਹੈਂਡਲਰਜ਼ ਵੱਲੋਂ ਟੋਂਗ, ਦਸਤਾਨੇ ਜਾਂ ਹੋਰ ਭਾਂਡੇ ਦੀ ਵਰਤੋਂ ਜਰੂਰ ਕੀਤੀ ਜਾਵੇ।

9. ਫੂਡ ਹੈਂਡਲਰਜ਼ ਦੁਆਰਾ ਪੱਕਿਆ ਖਾਣਾ ਜਾਂ ਖਾਣ ਲਈ ਤਿਆਰ ਵਸਤੂਆਂ ਨੂੰ ਖੁੱਲੇ ਜਾਂ ਸ਼ੀਸ਼ੇ ਦੇ ਬਕਸਿਆਂ ਵਿਚ ਨਾ ਰੱਖਿਆ ਜਾਵੇ ਜਾਂ ਪ੍ਰਦਰਸ਼ਿਤ ਕੀਤਾ ਜਾਵੇ।

10. ਖਾਣਾ ਸੰਭਾਲਣ ਵਾਲੇ ਸਾਰੇ ਲੋਕਾਂ (Food Handlers) ਦੀ ਕੋਵਿਡ-19 ਦੇ ਲੱਛਣਾਂ ਲਈ ਪ੍ਰੀ-ਸਕਰੀਨਿੰਗ ਕੀਤੀ ਜਾਵੇ। ਜੇਕਰ ਕੋਈ ਖਾਣਾ ਸੰਭਾਲਣ ਵਾਲੇ ਵਿਅਕਤੀ ਨੂੰ ਕੋਵਿਡ-19 ਦੇ ਲੱਛਣ ਦਿਖਾਈ ਦਿੰਦੇ ਹਨ ਤਾਂ ਤੁਰੰਤ ਇਕਾਂਤਵਾਸ ਵਿੱਚ ਰੱਖਿਆ ਜਾਵੇ ਅਤੇ ਨਜ਼ਦੀਕੀ ਸਿਹਤ ਸੰਸਥਾ ਨੂੰ ਜਾਣਕਾਰੀ ਦਿੱਤੀ ਜਾਵੇ। ਡਾਕਟਰੀ ਸਲਾਹ ਅਨੁਸਾਰ ਹੋਰ ਸਟਾਫ ਨੂੰ ਵੀ ਘਰ ਰਹਿਣ ਲਈ ਪ੍ਰੇਰਿਤ ਕੀਤਾ ਜਾਵੇ।

11. ਜ਼ਿਆਦਾ ਛੂਹਣ ਵਾਲੀਆਂ ਵਸਤੂਆਂ ਜਿਵੇਂ ਕਿ ਹੈਂਡ ਰੇਲ, ਹੈਂਡਲਸ ਤੇ ਕਾਲ ਬਟਨ, ਪਬਲਿਕ ਕਾਉਂਟਰ, ਇੰਟਰਕਾਮ ਸਿਸਟਮ, ਟੈਲੀਫੋਨ, ਪ੍ਰਿੰਟਰ/ਸਕੈਨਰ ਅਤੇ ਦਫ਼ਤਰ ਦੀਆਂ ਹੋਰ ਮਸ਼ੀਨਾਂ ਨੂੰ ਰੋਜ਼ਾਨਾ 2 ਵਾਰ ਸੋਡੀਅਮ ਹਾਈਪੋਕੋਲੋਰਾਈਟ ਸੋਲਿਉਸ਼ਨ (1 ਪ੍ਰਤੀਸ਼ਤ ) ਦੇ ਗਿੱਲੇ ਕੱਪੜੇ ਨਾਲ ਸਾਫ਼ ਕੀਤਾ ਜਾਵੇ। ਆਮ ਤੌਰ ਤੇ ਛੂਹੀਆਂ ਜਾਣ ਵਾਲੀਆਂ ਸਤਿਹਾਂ ਜਿਵੇਂ ਕਿ ਮੇਜ਼ ਦੀ ਉਪਰਲੀ ਸਤਿਹ, ਕੁਰਸੀਆਂ ਦੇ ਹੈਂਡਲ, ਪੈਨ, ਡਾਇਰੀ, ਫਾਈਲਾਂ, ਕੀ-ਬੋਰਡ, ਮਾਊਸ, ਮਾਊਸ ਪੈਡ, ਚਾਹ ਕਾਫੀ ਵਾਲੀ ਮਸ਼ੀਨ ਆਦਿ ਦੀ ਖ਼ਾਸ ਤੌਰ ਤੇ ਸਫ਼ਾਈ ਕੀਤੀ ਜਾਵੇ।

12. ਰੀਟੇਲ ਵਾਲੀ ਜਗ੍ਹਾਂ ਦੇ ਪ੍ਰਵੇਸ਼ ਦੁਆਰ ਤੇ ਹੀ ਹੱਥਾਂ ਨੂੰ ਧੋਣ ਦੀ ਸੁਵਿਧਾ ਉਪਲਬੱਧ ਕਰਵਾਉਣ ਨੂੰ ਪਹਿਲ ਦਿੱਤੀ ਜਾਵੇ ਤਾਂ ਜੋ ਅਸਿਸਟ ਕਰ ਰਹੇ ਡਿਲੀਵਰੀ ਸਟਾਫ ਜਾਂ ਗ੍ਰਾਹਕ (ਜੇਕਰ ਪਿੱਕ-ਅੱਪ ਕਰ ਰਿਹਾ ਹੈ) ਹੱਥ ਧੋ ਸਕਣ। ਇਹ ਯਕੀਨੀ ਬਣਾਇਆ ਜਾਵੇ ਕਿ ਹਰ ਸਮੇਂ ਸਾਬਣ ਉਪਲਬੱਧ ਹੋਵੇ ਅਤੇ ਹੱਥ ਧੋਣ ਲਈ ਉਡੀਕ ਕਰ ਰਹੇ ਲੋਕਾਂ ਵਿਚਕਾਰ 1 ਮੀਟਰ ਦੀ ਸਮਾਜਿਕ ਦੂਰੀ ਦੇ ਨਿਯਮਾਂ ਦੀ ਪਾਲਣਾ ਕੀਤੀ ਜਾਵੇ।

**ਸ) ਖਾਣੇ ਦੀ ਡਿਲਵਰੀ ਕਰਨ ਵਾਲੇ ਸਟਾਫ ਲਈ ਖਾਸ ਸਲਾਹਾਂ** :

1. ਖਾਣੇ ਦੀ ਡਿਲਵਰੀ ਵਾਲੇ ਸਟਾਫ ਵੱਲੋ ਹਰ ਸਮੇਂ ਸਾਫ਼ ਕੱਪੜੇ ਦਾ ਮਾਸਕ ਪਹਿਨ ਕੇ ਰੱਖਿਆ ਜਾਵੇ। ਮਾਸਕ ਸਮਾਨ ਦੇਣ/ਪਿੱਕ ਅੱਪ ਕਰਨ ਸਮੇਂ ਵੀ ਪਾਇਆ ਜਾਵੇ। ਦੁਬਾਰਾ ਪਾਉਣ ਤੋਂ ਪਹਿਲਾਂ ਮਾਸਕ ਨੂੰ ਰੋਜ਼ਾਨਾ ਚੰਗੀ ਤਰ੍ਹਾਂ ਸਾਬਣ ਤੇ ਪਾਣੀ ਨਾਲ ਧੋ ਕੇ ਵਰਤਿਆ ਜਾਵੇ।
2. ਫੂਡ ਡਿਲੀਵਰੀ ਸਟਾਫ ਵੱਲੋਂ ਜਿਸ ਥਾਂ ਤੇ ਖਾਣ-ਪੀਣ ਦੇ ਸਮਾਨ ਦੇ ਪੈਕੇਟ ਰੱਖੇ ਜਾਂਦੇ ਹਨ, ਉਸ ਥਾਂ ਨੂੰ ਚੰਗੀ ਤਰ੍ਹਾਂ ਡਿਸਇਨਫੈਕਟ ਕੀਤਾ ਜਾਵੇ।

3. ਖਾਣੇ ਦੀ ਡਿਲਵਰੀ ਕਰ ਰਹੇ ਸਟਾਫ ਵੱਲੋਂ ਡਿਲਵਰੀ ਤੋਂ ਪਹਿਲਾਂ ਅਤੇ ਬਾਅਦ ਵਿਚ ਹੱਥਾਂ ਨੂੰ ਨਿਯਮਿਤ ਢੰਗ ਨਾਲ ਸਾਬਣ ਤੇ ਪਾਣੀ ਨਾਲ ਧੋਤਾ ਜਾਵੇ ਜਾਂ ਸੈਨੀਟਾਈਜ਼ ਕੀਤਾ ਜਾਵੇ।

4. ਖਾਣੇ ਦੀ ਡਿਲਵਰੀ ਕਰ ਰਹੇ ਸਟਾਫ ਵੱਲੋ ਜਿਆਦਾ ਛੂਹੀਆਂ ਜਾਣ ਵਾਲੀਆਂ ਵਸਤੂਆਂ ਜਿਵੇਂਕਿ ਡੋਰ ਬੈੱਲ, ਦਰਵਾਜੇ ਦੇ ਹੈਂਡਲ ਆਦਿ ਨੂੰ ਨਾ ਛੂਹਿਆ ਜਾਵੇ । ਜੇਕਰ ਛੂਹਣਾ ਜਰੂਰੀ ਹੈ ਤਾਂ ਅਜਿਹੀ ਵਸਤੂ ਛੂਹਣ ਦੇ ਤੁਰੰਤ ਬਾਅਦ ਹੱਥਾਂ ਨੂੰ ਸੈਨੀਟਾਈਜ ਕੀਤਾ ਜਾਵੇ।

5 ਫੂਡ ਡਿਲਵਰੀ ਐਪਲੀਕੇਸ਼ਨਾਂ ਰਾਹੀਂ ਗ੍ਰਾਹਕਾਂ ਨੂੰ ਪਹਿਲਾਂ ਹੀ ਆਨਲਾਈਨ ਜਾਂ ਫੋਨ ਦੀ ਵਰਤੋਂ ਰਾਹੀਂ ਆਰਡਰ ਕਰਨ ਲਈ ਪ੍ਰੇਰਿਤ ਕੀਤਾ ਜਾਵੇ ਤਾਂ ਕਿ ਉਡੀਕ ਦਾ ਸਮਾਂ ਘੱਟ ਕੀਤਾ ਜਾ ਸਕੇ।

6. ਇਸੇ ਤਰ੍ਹਾਂ ਗ੍ਰਾਹਕ ਨੂੰ ਡਿਜੀਟਲ ਅਦਾਇਗੀ ਕਰਨ ਲਈ ਪ੍ਰੇਰਿਤ ਕੀਤਾ ਜਾਵੇ। ਜੇਕਰ ਕਰੇਡਿਟ/ਡੇਬਿਟ ਕਾਰਡ ਵਰਤੇ ਜਾਂਦੇ ਹਨ ਤਾਂ PoS ਮਸ਼ੀਨ ਨੂੰ 70 ਪ੍ਰਤੀਸ਼ਤ ਅਲਕੋਹਲ ਯੁਕਤ ਸੈਨੀਟਾਈਜ਼ਰ ਨਾਲ ਹਰੇਕ ਵਰਤੋਂ ਤੋਂ ਬਾਅਦ ਸਾਫ਼ ਕੀਤਾ ਜਾਵੇ। ਖ਼ਾਸ ਤੌਰ ਤੇ ਮਸ਼ੀਨ ਦੇ ਅਜਿਹੇ ਹਿੱਸਿਆਂ, ਜਿਨ੍ਹਾਂ ਨੂੰ ਕਿ ਵਾਰ-ਵਾਰ ਹੱਥ ਲਗਾਇਆ ਜਾਂਦਾ ਹੈ।

**ਹ) ਏਅਰ ਕੰਡੀਸ਼ਨਿੰਗ**

1. ਸਮੂਹ ਰਿਟੇਲ ਆਉਟਲੈਟਸ, ਦੁਕਾਨਾਂ, ਕੰਟੀਨ ਆਦਿ ਸਥਾਨ ਵਿੱਚ ਹਵਾਦਾਰ (ਕਰਾਸ ਵੈਂਟੀਲੇਸ਼ਨ) ਹੋਣੀ ਚਾਹੀਦੀ ਹੈ।
2. ਕੰਮ ਵਾਲੀ ਜਗ੍ਹਾਂ ਤੇ ਹਵਾ ਬਾਹਰ ਕੱਢਣ ਵਾਲਾ ਪੱਖਾ (Exhaust fans) ਲੱਗਿਆ ਹੋਣਾ ਚਾਹੀਦਾ ਹੈ।

3. ਵਧੇਰੇ ਜਾਣਕਾਰੀ ਲਈ ਏਅਰ ਕੰਡੀਸ਼ਨਰਜ਼ ਸਲਾਹ (Annexure) ਦੀ ਪਾਲਣਾ ਕੀਤੀ ਜਾਵੇ।

**ਕ)** ਜੇਕਰ ਕੋਈ ਖਾਣਾ ਸੰਭਾਲਣ ਵਾਲਾ (Food Handler) / ਡਿਲਵਰੀ ਸਟਾਫ ਕੋਵਿਡ-19 ਦਾ ਇਲਾਜ ਕਰਵਾ ਰਿਹਾ ਹੈ ਜਾਂ ਉਸ ਵਿੱਚ ਕੋਵਿਡ-19 ਦੀ ਹੋਈ ਹੈ ਅਤੇ ਜੇਕਰ ਕੋਈ ਹੋਰ ਵਿਅਕਤੀ ਉਸਦੇ ਸੰਪਰਕ ਵਿੱਚ ਆਇਆ ਹੈ ਤਾਂ ਘਬਰਾਉਣ ਦੀ ਕੋਈ ਜ਼ਰੂਰਤ ਨਹੀਂ ਹੈ। ਇਸ ਦੇ ਸੰਬੰਧ ਵਿੱਚ ਹੈਲਪਲਾਈਨ ਨੰਬਰ 104 ਜਾਂ ਸਟੇਟ ਕੰਟਰੋਲ ਰੂਮ ਨੰਬਰ 0172-2920074 / 08872090029 ਤੇ ਕਾਲ ਕਰਕੇ ਸੰਪਰਕ ਵਿੱਚ ਆਉਣ ਦੀ ਪੂਰੀ ਜਾਣਕਾਰੀ ਦਿੱਤੀ ਜਾਵੇ ਅਤੇ ਅਗਲੇਰੀ ਸਹਾਇਤਾ ਪ੍ਰਾਪਤ ਕੀਤੀ ਜਾਵੇ।

**ਘ**) ਜੇਕਰ ਕਿਸੇ ਵਰਕਰ ਵਿੱਚ ਕੋਰੋਨਾ ਵਾਇਰਸ ਦੀ ਪੁਸ਼ਟੀ ਹੋ ਜਾਂਦੀ ਹੈ ਤਾਂ ਫੂਡ ਹੈਂਡਲਰ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਹੈਲਪਲਾਈਨ ਨੰਬਰ 104 ਜਾਂ ਸਟੇਟ ਕੰਟਰੋਲ ਰੂਮ ਨੰਬਰ 0172-2920074 / 08872090029 ਤੇ ਕਾਲ ਕਰਕੇ ਪੀੜ੍ਹਤ ਵਰਕਰ ਦੇ ਦੁਕਾਨ ਵਿੱਚ ਆਉਣ ਦੇ ਦਿਨਾਂ ਬਾਰੇ ਅਤੇ ਉਸਦੇ ਸੰਪਰਕ ਵਿੱਚ ਆਏ ਹੋਰ ਲੋਕਾਂ ਬਾਰੇ ਤੁਰੰਤ ਜਾਣਕਾਰੀ ਦੇਣ। ਇਸ ਲਈ ਦੁਕਾਨਦਾਰ ਵੱਲੋਂ ਸਾਰੇ ਵਰਕਰਾਂ ਦੀ ਹਾਜ਼ਰੀ ਦਾ ਰੋਜ਼ਾਨਾ ਪੂਰਾ ਬਿਓਰਾ ਤਿਆਰ ਰੱਖਿਆ ਜਾਵੇ।

**ਸਕੱਤਰ ਸਿਹਤ ਅਤੇ**
**ਮਿਸ਼ਨ ਡਾਇਰੈਕਟਰ, ਐਨਐਚਐਮ, ਪੰਜਾਬ।**

ਨੰ. ਐਮਡੀ/ਐਨਐਚਐਮ/2020/ 3312(ਆਰ)-3314(ਆਰ) ਮਿਤੀ, ਚੰਡੀਗੜ੍ਹ, 7 ਮਈ 2020

ਉਤਾਰਾ :-

1. ਓਐਸਡੀ ਟੂ ਮੁੱਖ ਸਕੱਤਰ, ਪੰਜਾਬ ਨੂੰ ਮਾਣਯੋਗ ਮੁੱਖ ਸਕੱਤਰ ਜੀ ਦੀ ਜਾਣਕਾਰੀ ਹਿੱਤ।
2. ਪੀਐਸ ਟੂ ਵਧੀਕ ਮੁੱਖ ਸਕੱਤਰ (ਗ੍ਰਹਿ ਵਿਭਾਗ), ਪੰਜਾਬ ਨੂੰ ਵਧੀਕ ਮੁੱਖ ਸਕੱਤਰ (ਗ੍ਰਹਿ ਵਿਭਾਗ) ਜੀ ਦੀ ਜਾਣਕਾਰੀ ਹਿੱਤ।
3. ਪੀਐਸ ਟੂ ਪ੍ਰਮੁੱਖ ਸਕੱਤਰ (ਸਿਹਤ), ਪੰਜਾਬ ਨੂੰ ਪ੍ਰਮੁੱਖ ਸਕੱਤਰ ਸਿਹਤ ਜੀ ਦੀ ਜਾਣਕਾਰੀ ਹਿੱਤ।

**ਸਕੱਤਰ ਸਿਹਤ ਅਤੇ**
**ਮਿਸ਼ਨ ਡਾਇਰੈਕਟਰ, ਐਨਐਚਐਮ, ਪੰਜਾਬ।**

ਨੰ. ਐਮਡੀ/ਐਨਐਚਐਮ/2020/3315(ਆਰ)-3321(ਆਰ) ਮਿਤੀ, ਚੰਡੀਗੜ੍ਹ, 7 ਮਈ 2020

ਉਤਾਰਾ :-

1. ਮੈਨੇਜਿੰਗ ਡਾਇਰੈਕਟਰ, ਪੀਐਚਐਸਸੀ ਜੀ ਨੂੰ ਜਾਣਕਾਰੀ ਹਿੱਤ।
2. ਕਮਿਸ਼ਨਰ ਆਯੂਸ਼ ਕਮ ਪ੍ਰੋਜੈਕਟ ਡਾਇਰੈਕਟਰ, ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਜੀ ਨੂੰ ਜਾਣਕਾਰੀ ਹਿੱਤ।
3. ਡਾਇਰੈਕਟਰ ਸਿਹਤ ਸੇਵਾਵਾਂ, ਪੰਜਾਬ ਜੀ ਨੂੰ ਜਾਣਕਾਰੀ ਹਿੱਤ।
4. ਡਾਇਰੈਕਟਰ ਸਿਹਤ ਸੇਵਾਵਾਂ (ਪਰਿਵਾਰ ਭਲਾਈ), ਪੰਜਾਬ ਜੀ ਨੂੰ ਜਾਣਕਾਰੀ ਹਿੱਤ।
5. ਡਾਇਰੈਕਟਰ (ਈਐਸਆਈ), ਪੰਜਾਬ ਜੀ ਨੂੰ ਜਾਣਕਾਰੀ ਹਿੱਤ।
6. ਐਗਜ਼ੀਕਿਊਟਿਵ ਡਾਇਰੈਕਟਰ, ਐਸਐਚਐਸਆਰਸੀ, ਪੰਜਾਬ ਜੀ ਨੂੰ ਜਾਣਕਾਰੀ ਹਿੱਤ।
7. ਸਮੂਹ ਸਿਵਲ ਸਰਜਨ, ਪੰਜਾਬ ਨੂੰ ਜਾਣਕਾਰੀ ਤੇ ਯੋਗ ਕਾਰਵਾਈ ਹਿੱਤ।

**ਸਟੇਟ ਪ੍ਰੋਗਰਾਮ ਅਫ਼ਸਰ (ਆਈਈਸੀ)**
**ਐਨਐਚਐਮ, ਪੰਜਾਬ।**

**Annexure-1**

# ਪੰਜਾਬ ਸਰਕਾਰ
## ਸਿਹਤ ਤੇ ਪਰਿਵਾਰ ਭਲਾਈ ਵਿਭਾਗ
## (ਐਨਐਚਐਮ, ਪੰਜਾਬ)

ਨੰ. ਐਮਡੀ/ਐਨਐਚਐਮ/2020/3168 (ਆਰ) - 3177 (ਆਰ) ਮਿਤੀ, ਚੰਡੀਗੜ੍ਹ, 28 ਅਪ੍ਰੈਲ 2020

ਸੇਵਾ ਵਿਖੇ

1. ਵਿੱਤ ਕਮਿਸ਼ਨਰ, ਟੈਕਸੇਸ਼ਨ, ਪੰਜਾਬ।
2. ਪ੍ਰਮੁੱਖ ਸਕੱਤਰ, ਫੂਡ ਐਂਡ ਸਿਵਲ ਸਪਲਾਈਜ਼, ਪੰਜਾਬ।
3. ਐਕਸਾਈਜ਼ ਐਂਡ ਟੈਕਸੇਸ਼ਨ ਕਮਿਸ਼ਨਰ, ਪੰਜਾਬ।
4. ਸਮੂਹ ਡਿਵੀਜ਼ਨਲ ਕਮਿਸ਼ਨਰਜ਼, ਪੰਜਾਬ।
5. ਡਾਇਰੈਕਟਰ ਫੂਡ ਐਂਡ ਸਿਵਲ ਸਪਲਾਈਜ਼, ਪੰਜਾਬ ।
6. ਮੈਨੇਜਿੰਗ ਡਾਇਰੈਕਟਰ, ਮਾਰਕਫੈੱਡ।
7. ਮੈਨੇਜਿੰਗ ਡਾਇਰੈਕਟਰ, ਪੱਨਸਪ।
8. ਮੈਨੇਜਿੰਗ ਡਾਇਰੈਕਟਰ, ਪੰਜਾਬ ਐਗਰੋ ਇੰਡਸਟਰੀਸ ਕਾਰਪੋਰੇਸ਼ਨ ਲਿਮਿਟਡ।
9. ਸਮੂਹ ਡਿਪਟੀ ਕਮਿਸ਼ਨਰਜ਼, ਪੰਜਾਬ।
10. ਸਮੂਹ ਕਮਿਸ਼ਨਰਜ਼ ਆਫ ਪੁਲਿਸ / ਸਮੂਹ ਸੀਨੀਅਰ ਸੁਪਰੀਟੈਂਡੈਂਟ ਆਫ ਪੁਲਿਸ, ਪੰਜਾਬ।

**ਵਿਸ਼ਾ :** **ਕੋਵਿਡ-19 ਮਹਾਂਮਾਰੀ ਦੌਰਾਨ ਦੁਕਾਨਾਂ ਅਤੇ ਉਥੇ ਕੰਮ ਕਰਨ ਵਾਲੇ ਕਰਮਚਾਰੀਆਂ ਲਈ ਸਾਫ਼-ਸਫ਼ਾਈ (ਸੈਨੀਟੇਸ਼ਨ ਤੇ ਹਾਈਜੀਨ) ਸੰਬੰਧੀ ਸਲਾਹ।**

ਕੋਰੋਨਾ ਵਾਇਰਸ (ਕੋਵਿਡ-19) ਸਿਸਟਮਿਕ ਬਿਮਾਰੀ ਹੈ, ਜੋ ਨੋਵਲ ਕੋਰੋਨਾ ਵਾਇਰਸ (SARS-CoV-2) ਨਾਲ ਹੁੰਦੀ ਹੈ ਅਤੇ ਜ਼ਿਆਦਾਤਰ ਮੌਕਿਆਂ ਤੇ ਛਿੱਕਾਂ ਤੇ ਖੰਘ ਦੇ ਛਿੱਟਿਆਂ ਰਾਹੀਂ ਸਾਹ ਜ਼ਰੀਏ ਅੰਦਰ ਜਾਣ ਨਾਲ, ਪੀੜ੍ਹਤ ਵਿਅਕਤੀ ਦੇ ਸੰਪਰਕ ਵਿੱਚ ਆਉਣ ਨਾਲ ਅਤੇ ਸੰਕ੍ਰਮਿਤ ਚੀਜ਼ਾਂ/ਵਸਤੂਆਂ ਨੂੰ ਛੂਹਣ ਨਾਲ ਫ਼ੈਲਦੀ ਹੈ। ਹਾਲਾਂਕਿ ਇਹ ਵਾਇਰਸ ਵੱਖ-ਵੱਖ ਸਤਿਹਾਂ ਉਪਰ ਵੱਖ-ਵੱਖ ਸਮੇਂ ਤੱਕ ਜੀਵਿਤ ਰਹਿੰਦਾ ਹੈ, ਪਰ ਕੈਮੀਕਲ ਡਿਸਇਨਫੈਕਟੈਂਟ ਨਾਲ ਇਹ ਆਸਾਨੀ ਨਾਲ ਖ਼ਤਮ ਹੋ ਜਾਂਦਾ ਹੈ। ਇਸ ਲਈ ਜੇਕਰ ਸਹੀ ਅਤੇ ਸਮੇਂ ਤੇ ਜਾਣਕਾਰੀ ਹੋਵੇ ਤਾਂ ਕੋਰੋਨਾ ਵਾਇਰਸ ਮਹਾਂਮਾਰੀ ਨੂੰ ਰੋਕਿਆ ਜਾ ਸਕਦਾ ਹੈ।

ਪੰਜਾਬ ਸਰਕਾਰ ਵੱਲੋਂ ਕੋਵਿਡ-19 ਮਹਾਂਮਾਰੀ ਦੌਰਾਨ ਲੋਕਾਂ ਦੇ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਸਾਰੇ 22 ਜ਼ਿਲ੍ਹਿਆਂ ਵਿੱਚ ਕਰਫਿਊ ਲਗਾ ਕੇ ਇੱਕ ਵਿਅਕਤੀ ਤੋਂ ਦੂਜੇ ਵਿਅਕਤੀ ਤੱਕ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਲੋਕਾਂ ਦੇ ਬਾਹਰ ਘੁੰਮਣ ਤੇ ਸਖ਼ਤ ਪਾਬੰਦੀਆਂ ਲਗਾਈਆਂ ਗਈਆਂ ਹਨ। ਹਾਲਾਂਕਿ ਸਰਕਾਰ ਵੱਲੋਂ ਮੁਸ਼ਕਿਲਾਂ ਨੂੰ ਘੱਟ ਕਰਨ ਲਈ ਜ਼ਰੂਰੀ ਗਤੀਵਿਧੀਆਂ ਕਰਨ ਦੀ ਮੰਜ਼ੂਰੀ ਦਿੱਤੀ ਗਈ ਹੈ। ਇਸ ਦੇ ਨਾਲ ਹੀ ਸਰਕਾਰ ਵੱਲੋਂ ਕੁਝ ਦੁਕਾਨਾਂ ਨੂੰ ਇਸ ਸ਼ਰਤ ਤੇ ਚਲਾਉਣ ਦੀ ਮੰਜ਼ੂਰੀ ਦਿੱਤੀ ਗਈ ਹੈ ਕਿ ਉਹ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਜਾਰੀ ਕੀਤੀਆਂ ਗਈਆਂ ਸਾਵਧਾਨੀਆਂ ਦਾ ਪੂਰੀ ਤਰ੍ਹਾਂ ਪਾਲਣ ਕਰਨਗੇ।

**ੳ) ਆਮ ਦਿਸ਼ਾ-ਨਿਰਦੇਸ਼ :**

1. ਪੰਜਾਬ ਸਰਕਾਰ ਵੱਲੋਂ ਮੰਜੂਰ ਕੀਤੀਆਂ ਗਈਆਂ ਦੁਕਾਨਾਂ ਹੀ ਖੋਲ੍ਹੀਆਂ ਜਾ ਸਕਣਗੀਆਂ। ਗ੍ਰਹਿ ਵਿਭਾਗ, ਪੰਜਾਬ ਸਰਕਾਰ ਵੱਲੋਂ ਜਾਰੀ ਪੱਤਰ ਨੰਬਰ ਐਸਐਸ/ਏਸੀਐਸਐਚ/2020/310 ਮਿਤੀ 20.4.2020 ਰਾਹੀਂ ਵਿਸਥਾਰਪੂਰਵਕ ਦਿਸ਼ਾ ਨਿਰਦੇਸ਼ ਦਿੱਤੇ ਗਏ ਹਨ, ਜਿੰਨ੍ਹਾਂ ਵਿੱਚ ਕੈਟੇਗਰੀ ਅਨੁਸਾਰ ਦੁਕਾਨਾਂ ਖੋਲ੍ਹਣ ਦੀ ਪ੍ਰਵਾਨਗੀ ਦਿੱਤੀ ਗਈ ਹੈ। ਇਸਦਾ ਹਵਾਲਾ ਦਿੰਦੇ ਹੋਏ ਮੌਜੂਦਾ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਰੂਰੀ ਸਾਮਾਨ (Essential Goods) ਨਾਲ ਸੰਬੰਧਿਤ ਦੁਕਾਨਾਂ, ਜਿਵੇਂ ਕਿ ਮੈਨੂਫੈਕਚਰਿੰਗ, ਅਜਿਹੀਆਂ ਵਸਤੂਆਂ ਦੀ ਸਥਾਨਕ ਸਟੋਰਾਂ ਜਰੀਏ ਹੋਲਸੇਲ ਜਾਂ ਰਿਟੇਲ, ਲਾਰਜ ਬਰਿੱਕ ਅਤੇ ਮੋਰਟਾਰ ਸਟੋਰ ਜਾਂ ਈ-ਕਾਮਰਸ ਕੰਪਨੀਆਂ, ਨੂੰ ਚਲਾਉਣ ਦੀ ਪ੍ਰਵਾਨਗੀ ਦਿੱਤੀ ਗਈ ਹੈ । ਦੁਕਾਨਾਂ (ਕਰਿਆਨਾ ਅਤੇ ਜ਼ਰੂਰੀ ਵਸਤੂਆਂ ਵੇਚਣ ਵਾਲੀਆਂ ਇਕੱਲੀਆਂ ਦੁਕਾਨਾਂ) ਅਤੇ ਕਾਰਟਜ (ਰੇਹੜੀਆਂ/ਗੱਡੀਆਂ), ਰਾਸ਼ਨ ਦੀਆਂ ਦੁਕਾਨਾਂ (ਪੀਡੀਐੱਸ ਅਧੀਨ), ਖਾਣੇ ਅਤੇ ਕਰਿਆਨੇ ਨਾਲ ਸੰਬੰਧਿਤ (ਰੋਜਾਨਾ ਵਰਤੋਂ ਲਈ), ਸਾਫ-ਸਫਾਈ ਆਈਟਮਾਂ, ਫਲ ਅਤੇ ਸਬਜ਼ੀਆਂ, ਮੀਟ ਅਤੇ ਮੱਛੀ, ਪਸ਼ੂਆਂ ਦੀ ਫੀਡ ਅਤੇ ਚਾਰੇ ਆਦਿ ਨਾਲ ਸੰਬੰਧਿਤ ਦੁਕਾਨਾਂ ਨੂੰ ਚੱਲਣ ਦੀ ਮੰਜ਼ੂਰੀ ਦਿੱਤੀ ਗਈ ਹੈ ਬਸ਼ਰਤੇ ਕਿ ਇਹ ਸਭ ਸਰਕਾਰ ਵੱਲੋ ਕੋਵਿਡ - 19 ਨਾਲ ਨਜਿੱਠਣ ਲਈ ਬਣਾਏ ਗਏ ਸਾਰੇ ਖਾਸ ਨਿਯਮਾਂ/ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਯਕੀਨੀ ਬਣਾਉਣਗੀਆਂ ।

2. ਇਸ ਲਈ ਦੁਕਾਨਦਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਦੁਕਾਨਾਂ ਵਿੱਚ ਕੰਮ ਦੇ ਹਿਸਾਬ ਨਾਲ ਜਿੰਨ੍ਹਾਂ ਦੁਕਾਨਾਂ ਨੂੰ ਚਲਾਉਣ ਦੀ ਮੰਜ਼ੂਰੀ ਦਿੱਤੀ ਗਈ ਹੈ, ਉਨ੍ਹਾਂ ਵੱਲੋ ਦੁਕਾਨਾਂ ਨੂੰ ਚਲਾਉਣ ਲਈ ਬਣਾਏ ਗਏ ਸਟੈਂਡਰਡ ਓਪਰੇਟਿੰਗ ਪ੍ਰੋਸੀਜ਼ਰ ਅਨੁਸਾਰ ਜਾਰੀ ਕੀਤੇ ਹੋਏ ਦਿਸ਼ਾ ਨਿਰਦੇਸ਼ਾਂ ਦੀ ਪੂਰੀ ਤਰ੍ਹਾਂ ਪਾਲਣਾ ਕਰਨ।

3. ਦੁਕਾਨਦਾਰਾਂ ਦੀਆਂ ਐਸੋਸੀਏਸ਼ਨਸ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਦੁਕਾਨਦਾਰਾਂ/ਵਰਕਰਾਂ ਅਤੇ ਗ੍ਰਾਹਕਾਂ ਦੇ ਲਾਭ ਹਿੱਤ ਪੈਰਾਂ ਨਾਲ ਚੱਲਣ ਵਾਲੇ ਹੈਂਡ-ਵਾਸ਼ਿੰਗ ਸਟੇਸ਼ਨ ਲਗਾਉਣ। ਇਸਦੇ ਨਾਲ ਹੀ ਹੱਥ ਧੋਣ ਸਮੇਂ ਸਮਾਜਿਕ ਦੂਰੀ ਦੇ 1 ਮੀਟਰ ਦੇ ਨਿਯਮਾਂ ਦੀ ਪੂਰੀ ਤਰ੍ਹਾਂ ਪਾਲਣਾ ਕੀਤੀ ਜਾਵੇ ਅਤੇ ਦੂਰੀ ਨਿਰਧਾਰਿਤ ਕਰਨ ਲਈ ਹੈਂਡ-ਵਾਸ਼ਿੰਗ ਸਟੇਸ਼ਨ ਦੇ ਸਾਹਮਣੇ ਗੋਲ ਚੱਕਰ ਲਗਾ ਕੇ ਨਿਸ਼ਾਨਦੇਹੀ ਕੀਤੀ ਜਾਵੇ ।

4. ਜਦੋਂ ਵੀ ਮੌਕਾ ਮਿਲੇ ਤਾਂ ਹੱਥਾਂ ਨੂੰ ਸਾਬਣ ਤੇ ਪਾਣੀ ਨਾਲ ਘੱਟੋ-ਘੱਟ 40 ਸੈਕਿੰਡ ਤੱਕ ਧੋਵੋ, ਹੱਥਾਂ ਦੀਆਂ ਤਲੀਆਂ, ਹੱਥਾਂ ਦਾ ਪਿੱਛਲਾ ਪਾਸਾ, ਉਂਗਲਾਂ ਤੇ ਅੰਗੂਠੇ ਦੇ ਵਿਚਕਾਰ ਦੀ ਜਗ੍ਹਾ ਤੇ ਗੁੱਟਾਂ ਨੂੰ ਚੰਗੀ ਤਰ੍ਹਾਂ ਰਗੜੋ। ਹਾਲਾਂਕਿ ਹਰੇਕ 2 ਘੰਟੇ ਬਾਅਦ ਹੱਥ ਧੋਣ ਦੀ ਸਲਾਹ ਦਿੱਤੀ ਜਾਂਦੀ ਹੈ।

5. ਦੁਕਾਨਦਾਰਾਂ/ਵਰਕਰਾਂ ਅਤੇ ਗ੍ਰਾਹਕਾਂ ਲਈ ਦੁਕਾਨ ਵਿੱਚ ਪ੍ਰਵੇਸ਼ ਸਥਾਨ ਤੇ ਹੱਥ ਸਾਫ਼ ਕਰਨ ਲਈ ਅਲਕੋਹਲ ਯੁਕਤ ਹੈਂਡ ਸੈਨੀਟਾਈਜ਼ਰ (ਘੱਟੋ-ਘੱਟ 70 ਪ੍ਰਤੀਸ਼ਤ ਇਥਾਈਲ ਅਲਕੋਹਲ) ਦਾ ਪ੍ਰਬੰਧ ਕੀਤਾ ਜਾਵੇ। ਸਮੇਂ-ਸਮੇਂ ਤੇ ਸੈਨੀਟਾਈਜ਼ਰਾਂ ਨੂੰ ਰੀ-ਫਿਲ ਕੀਤਾ ਜਾਵੇ ਜਾਂ ਬਦਲਿਆ ਜਾਵੇ। ਘੱਟੋ-ਘੱਟ 3 ਐਮਐਲ ਸੈਨੀਟਾਈਜ਼ਰ (ਲਗਭਗ 2 ਵਾਰ ਦਬਾ ਕੇ ਕੱਢੋ) ਸੁੱਕੇ ਹੱਥਾਂ ਤੇ ਲਗਾਓ ਅਤੇ ਘੱਟੋ-ਘੱਟ 30 ਸੈਕਿੰਡ ਤੱਕ ਮਲੋ।

6. ਜੇਕਰ ਹੱਥ ਸਾਫ਼ ਦਿਖਾਈ ਦੇ ਰਹੇ ਹੋਣ ਤਾਂ ਵੀ ਹੱਥਾਂ ਨੂੰ ਧੋਵੋ ਜਾਂ ਸੈਨੀਟਾਈਜ਼ ਕਰੋ।

7. ਉਪਲਬੱਧਤਾ ਅਨੁਸਾਰ ਹੱਥਾਂ ਨੂੰ ਸਾਬਣ ਅਤੇ ਪਾਣੀ ਨਾਲ ਜਾਂ ਸੈਨੀਟਾਈਜ਼ਰ ਨਾਲ ਸਾਫ਼ ਕਰੋ।

8. ਦੁਕਾਨਦਾਰ ਅਤੇ ਉਨ੍ਹਾਂ ਦੇ ਵਰਕਰਾਂ ਵੱਲੋਂ ਘਰੋਂ ਨਿਕਲਣ ਤੋਂ ਪਹਿਲਾਂ ਹੀ ਕੱਪੜੇ ਦਾ ਮਾਸਕ ਪਹਿਨ ਲਿਆ ਜਾਵੇ ਅਤੇ ਘਰ ਵਾਪਸੀ ਤੱਕ ਇਸਨੂੰ ਪਹਿਨ ਕੇ ਰੱਖਿਆ ਜਾਵੇ।

9. ਮਾਸਕ ਇਸ ਢੰਗ ਨਾਲ ਪਹਿਨਿਆ ਜਾਵੇ ਕਿ ਨੱਕ ਤੇ ਮੂੰਹ ਚੰਗੀ ਤਰ੍ਹਾਂ ਢੱਕ ਜਾਵੇ।

10. ਕੱਪੜੇ ਦੇ ਮਾਸਕ ਨੂੰ ਰੋਜ਼ਾਨਾ ਸਾਬਣ ਤੇ ਪਾਣੀ ਨਾਲ ਧੋ ਕੇ ਵਰਤਿਆ ਜਾਵੇ।

11. ਦੁਕਾਨਦਾਰ ਅਤੇ ਉਨ੍ਹਾਂ ਦੇ ਵਰਕਰ ਇੱਕ ਦੂਜੇ ਨਾਲ ਹੱਥ ਨਾ ਮਿਲਾਉਣ ਅਤੇ ਨਾ ਹੀ ਗਲੇ ਮਿਲਣ।

12. ਸਾਰਿਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਸਮਾਜਿਕ ਦੂਰੀ ਦੇ ਨਿਯਮਾਂ ਦੀ ਸਖਤੀ ਨਾਲ ਪਾਲਣਾ ਕੀਤੀ ਜਾਵੇ ਅਤੇ ਹਰ ਸਮੇਂ ਇੱਕ ਦੂਜੇ ਤੋਂ ਘੱਟੋ-ਘੱਟ 1 ਮੀਟਰ ਦੀ ਦੂਰੀ ਬਣਾ ਕੇ ਰੱਖੀ ਜਾਵੇ ।

13. ਦੁਕਾਨਦਾਰ ਅਤੇ ਉਸਦੇ ਵਰਕਰਾਂ ਨੂੰ ਸਲਾਹ ਦਿੱਤੀ ਜਾਵੇ ਕਿ ਉਹ ਬਿਨ੍ਹਾਂ ਵਜ੍ਹਾ ਤੋਂ ਮਾਰਕਿਟ ਵਿੱਚ ਇਧਰ-ਉਧਰ ਨਾ ਘੁੰਮਣ ।

14. ਦੁਕਾਨਦਾਰ ਅਤੇ ਉਸਦੇ ਵਰਕਰ ਚਾਹ ਤੇ ਲੰਚ ਦੌਰਾਨ ਕਿਸੇ ਵੀ ਖਾਣ-ਪੀਣ ਦੀ ਵਸਤੂ ਨੂੰ ਛੂਹਣ ਤੋਂ ਪਹਿਲਾਂ ਆਪਣੇ ਹੱਥਾਂ ਨੂੰ ਨਿਯਮਿਤ ਤਰੀਕੇ ਨਾਲ ਧੋਵੋ/ਸੈਨੀਟਾਈਜ਼ ਕਰੋ। ਇੱਕ-ਦੂਜੇ ਨਾਲ ਖਾਣਾ ਅਤੇ ਭਾਂਡਿਆਂ ਨੂੰ ਸਾਂਝਾ ਨਾ ਕੀਤਾ ਜਾਵੇ।

15. ਦੁਕਾਨਦਾਰ ਅਤੇ ਉਸਦੇ ਵਰਕਰਾਂ ਵੱਲੋਂ ਦੁਕਾਨ/ਮਾਰਕਿਟ ਵਿੱਚ ਵਿੱਚ ਧੂਮਰਪਾਨ ਜਾਂ ਤੰਬਾਕੂ ਆਧਾਰਿਤ ਚੀਜ਼ਾਂ ਜਿਵੇਂ ਕਿ ਗੁਟਕਾ, ਪਾਨ ਮਸਾਲਾ ਆਦਿ ਦਾ ਸੇਵਨ ਨਾ ਕੀਤਾ ਜਾਵੇ।

16. ਜੇਕਰ ਕਿਸੇ ਵੀ ਦੁਕਾਨਦਾਰ / ਵਰਕਰ ਨੂੰ ਖੰਘ/ਛਿੱਕਾਂ ਆ ਰਹੀਆਂ ਹਨ ਤਾਂ ਰੁਮਾਲ ਨਾਲ ਮੂੰਹ ਤੇ ਨੱਕ ਨੂੰ ਢੱਕਿਆ ਜਾਵੇ, ਜਿਸ ਨੂੰ ਆਪਣੀ ਜੇਬ/ਪਰਸ ਵਿੱਚ ਰੱਖਿਆ ਜਾਵੇ ਅਤੇ ਇਸ ਰੁਮਾਲ ਨੂੰ ਕਿਸੇ ਹੋਰ ਵਸਤੂ ਦੇ ਸੰਪਰਕ ਵਿੱਚ ਨਾ ਆਉਣ ਦਿੱਤਾ ਜਾਵੇ।

17. ਜੇਕਰ ਦੁਕਾਨਦਾਰ / ਵਰਕਰ ਕੋਲ ਰੁਮਾਲ ਨਹੀਂ ਹੈ ਤਾਂ ਆਪਣੇ ਮੂੰਹ ਤੇ ਨੱਕ ਨੂੰ ਆਪਣੀ ਕੂਹਣੀ ਨਾਲ ਢੱਕੋ।

18. ਉਪਰੋਕਤ ਦੋਵਾਂ ਮਾਮਲਿਆਂ ਵਿੱਚ ਆਪਣੇ ਹੱਥ ਜਾਂ ਖੰਘ/ਛਿੱਕਾਂ ਦੇ ਸੰਪਰਕ ਵਿੱਚ ਆਏ ਹੋਰ ਹਿੱਸਿਆਂ ਨੂੰ ਨਿਯਮਿਤ ਢੰਗ ਨਾਲ ਧੋਤਾ ਜਾਂ ਸੈਨੀਟਾਈਜ਼ ਕੀਤਾ ਜਾਵੇ।

19. ਦੁਕਾਨਦਾਰ / ਵਰਕਰ ਆਪਣੇ ਚਿਹਰੇ, ਮੂੰਹ, ਨੱਕ, ਅੱਖਾਂ ਨੂੰ ਹੱਥਾਂ ਨਾਲ ਨਾ ਛੂਹੋ।

20. ਖੁੱਲ੍ਹੇ ਵਿੱਚ ਨਾ ਥੁੱਕੋ ਅਤੇ ਜ਼ਰੂਰਤ ਪੈਣ ਤੇ ਦੁਕਾਨ / ਜਨਤਕ ਟਾਇਲਟ ਦੇ ਵਾਸ਼ਬੇਸਨ ਦੀ ਵਰਤੋਂ ਕਰੋ, ਜਿਸ ਨੂੰ ਬਾਅਦ ਵਿੱਚ ਨਿਯਮਿਤ ਢੰਗ ਨਾਲ ਸਾਫ ਕੀਤਾ ਜਾਵੇ।

21. ਦੁਕਾਨਦਾਰ / ਵਰਕਰਾਂ ਵੱਲੋਂ ਕਿਸੇ ਵੀ ਪ੍ਰਕਾਰ ਦਾ ਕੋਈ ਵੀ ਜਨਤਕ, ਧਾਰਮਿਕ, ਰਾਜਨੀਤਿਕ ਆਦਿ ਇਕੱਠ ਨਾ ਕੀਤਾ ਜਾਵੇ।

22. ਦੁਕਾਨਦਾਰ / ਵਰਕਰਾਂ ਵੱਲੋਂ ਬਿਨ੍ਹਾਂ ਕਿਸੇ ਪੁਖ਼ਤਾ ਜਾਣਕਾਰੀ ਤੋਂ ਕੋਵਿਡ-19 ਬਾਰੇ ਗੱਲਾਂ/ਅਫ਼ਵਾਹਾਂ ਨਾ ਫੈਲਾਈਆਂ ਜਾਣ। ਮੈਨੇਜਮੈਂਟ ਵੱਲੋਂ ਮੁਲਾਜਮਾਂ ਨੂੰ ਸਹੀ ਤੇ ਪੁਖ਼ਤਾ ਜਾਣਕਾਰੀ ਲਈ ਪੰਜਾਬ ਸਰਕਾਰ ਵੱਲੋਂ ਬਣਾਈ ਗਈ ਕੋਵਾ ਐਪ ਡਾਊਨਲੋਡ ਕਰਨ ਲਈ ਪ੍ਰੇਰਿਤ ਕੀਤਾ ਜਾਵੇ।

**23. ਦੁਕਾਨਾਂ ਨੂੰ ਰੋਗਾਣੂ ਮੁਕਤ ਕਰਨਾ (ਡਿਸਇਨਫੈਕਸ਼ਨ)**

- **ਅੰਦਰੂਨੀ ਸਥਾਨ** : ਅੰਦਰੂਨੀ ਸਥਾਨ ਨੂੰ ਰੋਜ਼ਾਨਾ ਸ਼ਾਮ ਵੇਲੇ ਦੁਕਾਨ ਨੂੰ ਵਧਾਉਣ/ਬੰਦ ਕਰਨ ਸਮੇਂ ਜਾਂ ਸਵੇਰੇ ਦੁਕਾਨ ਖੋਲ੍ਹਣ ਤੋਂ ਪਹਿਲਾਂ ਸਾਫ਼ ਕੀਤਾ ਜਾਵੇ। ਜੇਕਰ ਕੋਈ ਵੀ ਸਤਿਹ ਤੇ ਗੰਦਗੀ ਦਿਖਾਈ ਦਿੰਦੀ ਹੈ ਤਾਂ ਇਸ ਨੂੰ ਸਾਬਣ ਤੇ ਪਾਣੀ ਨਾਲ ਧੋਣ ਤੋਂ ਬਾਅਦ ਡਿਸਇਨਫੈਕਟ ਕੀਤਾ ਜਾਵੇ। ਵਰਕਰ/ਦੁਕਾਨਦਾਰ ਵੱਲੋਂ ਸਫ਼ਾਈ ਕਰਨ ਤੋਂ ਪਹਿਲਾਂ ਡਿਸਪੋਜ਼ੇਬਲ ਰਬੜ ਬੂਟ, ਦਸਤਾਨੇ (ਹੈਵੀ ਡਿਊਟੀ), ਮਾਸਕ ਪਹਿਨਿਆ ਜਾਵੇ।
    - ਸਾਫ਼ ਸਥਾਨਾਂ ਤੋਂ ਸਫ਼ਾਈ ਸ਼ੁਰੂ ਕਰਕੇ ਜ਼ਿਆਦਾ ਗੰਦਗੀ ਵਾਲੇ ਖੇਤਰਾਂ ਵੱਲ ਨੂੰ ਸਫ਼ਾਈ ਕੀਤੀ ਜਾਵੇ।
    - ਸਾਰੇ ਅੰਦਰੂਨੀ ਖੇਤਰ ਜਿਵੇਂ ਕਿ ਸ਼ੈਲਵਸ, ਰਾਹ, ਸਟੋਰੇਜ ਖੇਤਰ, ਗੋਦਾਮ, ਬੇਸਮੈਂਟ ਆਦਿ ਨੂੰ 1 ਪ੍ਰਤੀਸ਼ਤ ਸੋਡੀਅਮ ਹਾਈਪੋਕੋਲੋਰਾਈਟ ਨਾਲ ਜਾਂ ਮਾਰਕਿਟ ਵਿੱਚ ਉਪਲਬੱਧ ਇਸ ਬਰਾਬਰ ਦੇ ਹੋਰ ਸਫ਼ਾਈ ਪ੍ਰੋਡਕਟ ਨਾਲ ਡਿਸਇਨਫੈਕਟ ਕੀਤਾ ਜਾਵੇ।
    - ਜ਼ਿਆਦਾ ਛੂਹਣ ਵਾਲੀਆਂ ਵਸਤੂਆਂ ਜਿਵੇਂ ਕਿ ਪਬਲਿਕ ਕਾਊਂਟਰ, ਇੰਟਰਕਾਮ ਸਿਸਟਮ, ਟੈਲੀਫੋਨ, ਪ੍ਰਿੰਟਰ/ਸਕੈਨਰ ਅਤੇ ਹੋਰ ਮਸ਼ੀਨਾਂ, ਹੈਂਡਰੇਲ/ ਹੈਂਡਲ ਨੂੰ ਰੋਜ਼ਾਨਾ 2 ਵਾਰ ਸੋਡੀਅਮ ਹਾਈਪੋਕੋਲੋਰਾਈਟ ਸੋਲਿਉਸ਼ਨ (1 ਪ੍ਰਤੀਸ਼ਤ ) ਦੇ ਗਿੱਲੇ ਕੱਪੜੇ ਨਾਲ ਸਾਫ਼ ਕੀਤਾ ਜਾਵੇ। ਆਮ ਤੌਰ ਤੇ ਛੂਹੀਆਂ ਜਾਣ ਵਾਲੀਆਂ ਜਿਵੇਂ ਕਿ ਮੇਜ਼ ਦੀ ਉਪਰਲੀ ਸਤਿਹ, ਕੁਰਸੀਆਂ ਦੇ ਹੈਂਡਲ, ਪੈਨ, ਡਾਇਰੀ, ਫਾਈਲਾਂ, ਕੀ-ਬੋਰਡ, ਮਾਊਸ, ਮਾਊਸ ਪੈਡ, ਚਾਹ ਕਾਫੀ ਵਾਲੀ ਮਸ਼ੀਨ ਆਦਿ ਦੀ ਖ਼ਾਸ ਤੌਰ ਤੇ ਸਫ਼ਾਈ ਕੀਤੀ ਜਾਵੇ।
    - ਧਾਤੂ ਦੀਆਂ ਵਸਤੂਆਂ ਜਿਵੇਂ ਕਿ ਦਰਵਾਜਿਆਂ ਦੇ ਹੈਂਡਲ, ਸਿਕਉਰਿਟੀ ਲੋਕ (ਜ਼ਿੰਦਰੇ), ਚਾਬੀਆਂ ਆਦਿ ਨੂੰ ਸਾਫ਼ ਕੀਤਾ ਜਾਵੇ। ਜੋ ਚੀਜ਼ਾਂ/ਸਤਿਹਾਂ ਨੂੰ ਬਲੀਚ ਪਾਊਡਰ ਨਾਲ ਸਾਫ਼ ਨਹੀਂ ਕੀਤਾ ਜਾ ਸਕਦਾ, ਉਨ੍ਹਾਂ ਨੂੰ 70 ਪ੍ਰਤੀਸ਼ਤ ਅਲਕੋਹਲ ਵਾਲੇ ਸੈਨੀਟਾਈਜ਼ਰ/ਪ੍ਰੋਡਕਟ ਨਾਲ ਸਾਫ਼ ਕੀਤਾ ਜਾਵੇ।
    - ਸਾਫ਼-ਸਫ਼ਾਈ ਲਈ ਵਰਤੇ ਗਏ ਸਮਾਨ ਨੂੰ ਵੀ ਇਸਤੇਮਾਲ ਤੋਂ ਬਾਅਦ ਸੁਰੱਖਿਅਤ ਢੰਗ ਨਾਲ ਸਾਫ਼ ਕਰੋ।
    - ਸਫਾਈ ਦੌਰਾਨ ਸੁਰੱਖਿਆ ਲਈ ਪਹਿਨੇ ਗਏ ਪ੍ਰੋਟੈਕਟਿਵ ਗਿਅਰ ਨੂੰ ਨਿਯਮਿਤ ਢੰਗ ਨਾਲ ਨਸ਼ਟ ਕੀਤਾ ਜਾਵੇ।

  ਇਸਦੇ ਨਾਲ ਹੀ ਸਾਰੇ ਵਰਕਰਾਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਕੰਮ ਕਰਨ ਦੇ ਸਥਾਨ ਨੂੰ ਡਿਸਇਨਫੈਕਟਿੰਗ ਵਾਈਪ ਜਾਂ ਕੱਪੜੇ ਨਾਲ ਸਾਫ਼ ਕਰਨ ਅਤੇ ਇੱਕ ਦੂਜੇ ਤੋਂ ਇੱਕ ਸੀਟ ਛੱਡ ਕੇ ਬੈਠਣ, ਜੇਕਰ ਸੰਭਵ ਹੋਵੇ ਤਾਂ 2 ਸੀਟਾਂ ਛੱਡ ਕੇ ਬੈਠਣ।

- **ਬਾਹਰੀ ਖੇਤਰ** : ਅੰਦਰੂਨੀ ਖੇਤਰ ਦੇ ਮੁਕਾਬਲੇ ਬਾਹਰੀ ਖੇਤਰਾਂ ਵਿੱਚ ਹਵਾ ਦੇ ਵਹਾਅ ਅਤੇ ਧੁੱਪ ਦੇ ਕਾਰਣ ਖ਼ਤਰਾ ਘੱਟ ਹੈ। ਇਨ੍ਹਾਂ ਖੇਤਰਾਂ ਦੀ ਸਾਫ਼ ਸਫ਼ਾਈ ਅਤੇ ਡਿਸਇਨਫੈਕਸ਼ਨ ਪ੍ਰਕ੍ਰਿਆ ਦੌਰਾਨ ਜ਼ਿਆਦਾ ਛੂਹੀਆਂ ਜਾਣ ਵਾਲੀਆਂ/ਸੰਕ੍ਰਮਿਤ ਵਸਤੂਆਂ ਦੀ ਸਫ਼ਾਈ ਉਪਰੋਕਤ ਦਰਸਾਏ ਅਨੁਸਾਰ ਧਿਆਨ ਨਾਲ ਕੀਤੀ ਜਾਵੇ।

- **ਜਨਤਕ ਪਖਾਨੇ** : ਸਫ਼ਾਈ ਕਰਮਚਾਰੀਆਂ ਵੱਲੋਂ ਹਰ ਪਖਾਨੇ ਦੀ ਸਫ਼ਾਈ ਲਈ ਵੱਖਰੇ ਸਮਾਨ ਦੀ ਵਰਤੋਂ ਕੀਤੀ ਜਾਵੇ (ਜਿਵੇਂ ਕਿ ਪੋਚੇ, ਝਾੜੂ, ਨਾਈਲੋਨ ਸਕਰਬਰ ਆਦਿ) ਅਤੇ ਸਿੰਕ ਅਤੇ ਕੰਬੋਡ ਆਦਿ ਦੀ ਸਫ਼ਾਈ ਲਈ ਸਮਾਨ ਦੇ ਵੱਖਰੇ ਸੈੱਟ ਦੀ ਵਰਤੋਂ ਕੀਤੀ ਜਾਵੇ। ਪਖਾਨੇ ਦੀ ਸਫ਼ਾਈ ਕਰਨ ਦੌਰਾਨ ਸਫ਼ਾਈ ਕਰਮਚਾਰੀਆਂ ਵੱਲੋਂ ਹੱਥਾਂ ਤੇ ਡਿਸਪੋਜ਼ੇਬਲ ਦਸਤਾਨੇ ਪਹਿਨੇ ਜਾਣ। ਪਖਾਨਿਆਂ ਦੇ ਸਿੰਕ, ਕੰਮੋਡ, ਟੂਟੀਆਂ ਆਦਿ ਨੂੰ ਸਾਬਣ ਤੇ ਪਾਣੀ ਨਾਲ ਚੰਗੀ ਤਰ੍ਹਾਂ ਧੋਵੋ ਅਤੇ ਉਸਤੋਂ ਬਾਅਦ ਸੋਡੀਅਮ ਹਾਈਪੋਕਲੋਰਾਈਟ (1 ਪ੍ਰਤੀਸ਼ਤ) ਜਾਂ ਮਾਰਕਿਟ ਵਿੱਚ ਉਪਲਬੱਧ ਇਸ ਬਰਾਬਰ ਦੇ ਹੋਰ ਸਫ਼ਾਈ ਪ੍ਰੋਡਕਟ ਨਾਲ ਡਿਸਇਨਫੈਕਟ ਕੀਤਾ ਜਾਵੇ।

**ਅ) ਵਿਸ਼ੇਸ਼ ਦਿਸ਼ਾ-ਨਿਰਦੇਸ਼:**

1. ਦੁਕਾਨਦਾਰ ਵੱਲੋਂ ਗ੍ਰਾਹਕਾਂ ਨੂੰ ਖ਼ਾਸ ਤੌਰ ਤੇ ਪੁਰਾਣੇ ਗ੍ਰਾਹਕਾਂ ਨੂੰ ਹੋਮ ਡਿਲੀਵਰੀ ਕਰਨ ਨੂੰ ਪ੍ਰਮੁੱਖਤਾ ਦਿੱਤੀ ਜਾਵੇ।

2. ਦੁਕਾਨਦਾਰ ਵੱਲੋਂ ਗ੍ਰਾਹਕਾਂ ਵਿਚਕਾਰ ਘੱਟੋ-ਘੱਟ 1 ਮੀਟਰ ਦੀ ਦੂਰੀ ਯਕੀਨੀ ਬਣਾਈ ਜਾਵੇ ਅਤੇ ਦੁਕਾਨ ਦੇ ਬਾਹਰ ਗ੍ਰਾਹਕਾਂ ਵਿਚਕਾਰ ਘੱਟੋ-ਘੱਟ 1 ਮੀਟਰ ਦੂਰੀ ਬਣਾਏ ਰੱਖਣ ਲਈ ਜਗ੍ਹਾ ਦੀ ਨਿਸ਼ਾਨਦੇਹੀ ਕੀਤੀ ਜਾਵੇ।

3. ਦੁਕਾਨਦਾਰ ਯਕੀਨੀ ਬਣਾਉਣ ਕਿ ਸਾਰੇ ਗ੍ਰਾਹਕਾਂ ਨੇ ਸਹੀ ਢੰਗ ਨਾਲ ਮਾਸਕ ਪਹਿਨਿਆ ਹੋਵੇ।

4. ਦੁਕਾਨ ਵਿੱਚ ਆਉਣ ਵਾਲੇ ਸਾਰੇ ਗ੍ਰਾਹਕਾਂ ਨੂੰ ਪ੍ਰੇਰਿਤ ਕੀਤਾ ਜਾਵੇ ਕਿ ਉਹ ਆਮ ਸਲਾਹਾਂ ਵਿੱਚ ਲੜੀ ਨੰਬਰ 5 ਤੇ ਦੱਸੇ ਅਨੁਸਾਰ ਹੱਥਾਂ ਨੂੰ ਨਿਯਮਿਤ ਤਰੀਕੇ ਨਾਲ ਸੈਨੀਟਾਈਜ਼ ਕਰਨ। ਇਸੇ ਤਰ੍ਹਾਂ ਦੁਕਾਨ ਛੱਡਣ ਸਮੇਂ ਗ੍ਰਾਹਕਾਂ ਨੂੰ ਹੱਥਾਂ ਨੂੰ ਸੈਨੀਟਾਈਜ਼ ਕਰਨ ਲਈ ਪ੍ਰੇਰਿਤ ਕੀਤਾ ਜਾਵੇ।

5. ਗ੍ਰਾਹਕ ਨੂੰ ਸਲਾਹ ਦਿੱਤੀ ਜਾਵੇ ਕਿ ਉਨ੍ਹਾਂ ਨੇ ਡਿਸਪਲੇ ਕੀਤੀ ਜਾਂ ਉਥੇ ਰੱਖੀ ਜਿਸ ਚੀਜ਼ ਨੂੰ ਨਹੀਂ ਖਰੀਦਣਾ ਉਸਨੂੰ ਹੱਥ ਲਗਾਉਣ ਤੋਂ ਪਰਹੇਜ਼ ਕੀਤਾ ਜਾਵੇ।

6. ਦੁਕਾਨਦਾਰ ਵੱਲੋਂ ਗ੍ਰਾਹਕਾਂ ਨੂੰ ਸਮਾਨ ਦੀ ਪਰਚੀ ਲਿਖ ਕੇ ਦੇਣ ਲਈ ਪ੍ਰੇਰਿਤ ਕੀਤਾ ਜਾਵੇ, ਜਿਸਨੂੰ ਕਾਉਂਟਰ ਤੇ ਰੱਖ ਕੇ ਦੁਕਾਨਦਾਰ ਜਾਂ ਉਸਦੇ ਵਰਕਰਾਂ ਵੱਲੋਂ ਉਥੇ ਹੀ ਸਮਾਨ ਦੀ ਸਪਲਾਈ ਦਿੱਤੀ ਜਾਵੇ।

7. ਦੁਕਾਨਦਾਰਾਂ ਵੱਲੋਂ ਆਪਣੇ ਗ੍ਰਾਹਕਾਂ ਨੂੰ ਡਿਜੀਟਲ ਟ੍ਰਾਂਸੈਕਸ਼ਨ ਲਈ ਪ੍ਰੇਰਿਤ ਕੀਤਾ ਜਾਵੇ।

8. ਦੁਕਾਨਦਾਰ ਅਤੇ ਉਸਦੇ ਵਰਕਰਾਂ ਅਤੇ ਗ੍ਰਾਹਕਾਂ ਵੱਲੋਂ ਕਰੰਸੀ ਨੋਟਾਂ ਦੇ ਲੈਣ-ਦੇਣ ਤੋਂ ਤੁਰੰਤ ਬਾਅਦ ਹੱਥਾਂ ਨੂੰ ਸੈਨੀਟਾਈਜ਼ ਕੀਤਾ ਜਾਵੇ।

9. ਦੁਕਾਨਦਾਰ ਵੱਲੋਂ ਗ੍ਰਾਹਕਾਂ ਨੂੰ ਸਮਾਨ ਲਿਜਾਉਣ ਲਈ ਆਪਣੇ ਘਰ ਤੋਂ ਹੀ ਕੱਪੜੇ ਦਾ ਥੈਲਾ ਲੈ ਕੇ ਆਉਣ ਲਈ ਪ੍ਰੇਰਿਤ ਕੀਤਾ ਜਾਵੇ। ਇਸ ਕੱਪੜੇ ਦੇ ਥੈਲੇ ਨੂੰ ਬਾਅਦ ਵਿੱਚ ਕੋਸੇ ਪਾਣੀ ਅਤੇ ਸਾਬਣ/ਡਿਟਰਜੈਂਟ ਨਾਲ ਧੋਤਾ ਜਾਵੇ।

**ੲ) ਏਅਰ ਕੰਡੀਸ਼ਨਿੰਗ/ਕੂਲਰ**

- ਕੰਮ ਵਾਲੀਆਂ ਥਾਵਾਂ ਤੇ ਕੁਦਰਤੀ ਹਵਾ ਨੂੰ ਪ੍ਰਮੁੱਖਤਾ ਦਿੱਤੀ ਜਾਵੇ।
- ਹਵਾ ਦੇ ਵਹਾਅ (ਵੈਂਟੀਲੇਸ਼ਨ) ਨੂੰ ਵਧਾਉਣ ਦੇ ਲਈ ਦੁਕਾਨਾਂ ਦੇ ਅੰਦਰ ਨਿਕਾਸੀ ਪੱਖੇ (ਐਗਜਾਸਟਫੈਨ) ਲਗਾਏ ਜਾ ਸਕਦੇ ਹਨ।
- ਇਸ ਸੰਬੰਧੀ ਵਿਸਥਾਰਪੂਰ ਦਿਸ਼ਾ-ਨਿਰਦੇਸ਼ ਦੀ ਪਾਲਣਾ ਕੀਤੀ ਜਾਵੇ। ਇਸਦੀ ਕਾਪੀ (Annexure-1) ਨਾਲ ਨੱਥੀ ਹੈ।

**ਸ**) ਜੇਕਰ ਕੋਈ ਦੁਕਾਨਦਾਰ / ਵਰਕਰ ਕੋਵਿਡ-19 ਦਾ ਇਲਾਜ ਕਰਵਾ ਰਿਹਾ ਹੈ ਜਾਂ ਪੁਸ਼ਟੀ ਹੋਇਆ ਹੈ ਅਤੇ ਤੁਸੀਂ ਉਸਦੇ ਸੰਪਰਕ ਵਿੱਚ ਆਏ ਹੋ ਤਾਂ ਘਬਰਾਉਣ ਦੀ ਕੋਈ ਜ਼ਰੂਰਤ ਨਹੀਂ ਹੈ। ਇਸ ਦੇ ਸੰਬੰਧ ਵਿੱਚ ਹੈਲਪਲਾਈਨ ਨੰਬਰ 104 ਜਾਂ ਸਟੇਟ ਕੰਟਰੋਲ ਰੂਮ ਨੰਬਰ 0172-2920074 / 08872090029 ਤੇ ਕਾਲ ਕਰਕੇ ਸੰਪਰਕ ਵਿੱਚ ਆਉਣ ਦੀ ਪੂਰੀ ਜਾਣਕਾਰੀ ਦਿੱਤੀ ਜਾਵੇ ਅਤੇ ਅਗਲੇਰੀ ਸਹਾਇਤਾ ਪ੍ਰਾਪਤ ਕੀਤੀ ਜਾਵੇ।

**ਹ**) ਜੇਕਰ ਕਿਸੇ ਵਰਕਰ ਵਿੱਚ ਕੋਰੋਨਾ ਵਾਇਰਸ ਦੀ ਪੁਸ਼ਟੀ ਹੋ ਜਾਂਦੀ ਹੈ ਤਾਂ ਦੁਕਾਨਦਾਰ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਹੈਲਪਲਾਈਨ ਨੰਬਰ 104 ਜਾਂ ਸਟੇਟ ਕੰਟਰੋਲ ਰੂਮ ਨੰਬਰ 0172-2920074 / 08872090029 ਤੇ ਕਾਲ ਕਰਕੇ ਕਿਸੇ ਵੀ ਪੀੜ੍ਹਤ ਵਿਅਕਤੀ/ਦੁਕਾਨ ਦਾ ਵਰਕਰ / ਗ੍ਰਾਹਕ ਦੇ ਦੁਕਾਨ ਵਿੱਚ ਆਉਣ ਦੇ ਦਿਨਾਂ ਬਾਰੇ ਅਤੇ ਉਸਦੇ ਸੰਪਰਕ ਵਿੱਚ ਆਏ ਲੋਕਾਂ ਬਾਰੇ ਤੁਰੰਤ ਜਾਣਕਾਰੀ ਦੇਣ। ਇਸ ਲਈ ਦੁਕਾਨਦਾਰ ਵੱਲੋਂ ਸਾਰੇ ਵਰਕਰਾਂ ਦੀ ਹਾਜ਼ਰੀ ਦਾ ਰੋਜ਼ਾਨਾ ਪੂਰਾ ਬਿਓਰਾ ਤਿਆਰ ਰੱਖਿਆ ਜਾਵੇ।

ਸਭ ਨੂੰ ਪ੍ਰੇਰਿਤ ਕੀਤਾ ਜਾਂਦਾ ਹੈ ਕਿ ਉਹ ਪੋਸ਼ਟਿਕ ਖਾਣਾ ਖਾਣ, ਸਹੀ ਜਾਣਕਾਰੀ ਦੇ ਨਾਲ ਖ਼ੁਦ ਨੂੰ ਹਰ ਸਮੇਂ ਸੁਚੇਤ ਤੇ ਅਪਡੇਟ ਰੱਖਣ ਅਤੇ ਖਾਲੀ ਸਮੇਂ ਦੌਰਾਨ ਆਪਣੀ ਦਿਲਚਸਪੀ ਅਨੁਸਾਰ ਸਾਕਾਰਤਮਕ ਕੰਮ ਕਰਨ।

**ਸਕੱਤਰ ਸਿਹਤ ਅਤੇ**
**ਮਿਸ਼ਨ ਡਾਇਰੈਕਟਰ, ਐਨਐਚਐਮ, ਪੰਜਾਬ।**

ਨੰ. ਐਮਡੀ/ਐਨਐਚਐਮ/2020/3178 (ਆਰ) - 3180 (ਆਰ) ਮਿਤੀ, ਚੰਡੀਗੜ੍ਹ, 28 ਅਪ੍ਰੈਲ 2020

ਉਤਾਰਾ :-

1. ਓਐਸਡੀ ਟੂ ਮੁੱਖ ਸਕੱਤਰ, ਪੰਜਾਬ ਨੂੰ ਮਾਣਯੋਗ ਮੁੱਖ ਸਕੱਤਰ ਜੀ ਦੀ ਜਾਣਕਾਰੀ ਹਿੱਤ।
2. ਪੀਐਸ ਟੂ ਵਧੀਕ ਮੁੱਖ ਸਕੱਤਰ (ਗ੍ਰਹਿ ਵਿਭਾਗ), ਪੰਜਾਬ ਨੂੰ ਵਧੀਕ ਮੁੱਖ ਸਕੱਤਰ (ਗ੍ਰਹਿ ਵਿਭਾਗ) ਜੀ ਦੀ ਜਾਣਕਾਰੀ ਹਿੱਤ।
3. ਪੀਐਸ ਟੂ ਪ੍ਰਮੁੱਖ ਸਕੱਤਰ (ਸਿਹਤ), ਪੰਜਾਬ ਨੂੰ ਪ੍ਰਮੁੱਖ ਸਕੱਤਰ ਸਿਹਤ ਜੀ ਦੀ ਜਾਣਕਾਰੀ ਹਿੱਤ।

**ਸਕੱਤਰ ਸਿਹਤ ਅਤੇ**
**ਮਿਸ਼ਨ ਡਾਇਰੈਕਟਰ, ਐਨਐਚਐਮ, ਪੰਜਾਬ।**

ਨੰ. ਐਮਡੀ/ਐਨਐਚਐਮ/2020/3181 (ਆਰ) - 3188 (ਆਰ) ਮਿਤੀ, ਚੰਡੀਗੜ੍ਹ, 28 ਅਪ੍ਰੈਲ 2020

ਉਤਾਰਾ :-

1. ਕਮਿਸ਼ਨਰ, ਐਫਡੀਏ, ਪੰਜਾਬ ਜੀ ਨੂੰ ਜਾਣਕਾਰੀ ਹਿੱਤ।
2. ਮੈਨੇਜਿੰਗ ਡਾਇਰੈਕਟਰ, ਪੀਐਚਐਸਸੀ ਜੀ ਨੂੰ ਜਾਣਕਾਰੀ ਹਿੱਤ।
3. ਕਮਿਸ਼ਨਰ ਆਯੂਸ਼ ਕਮ ਪ੍ਰੋਜੈਕਟ ਡਾਇਰੈਕਟਰ, ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਜੀ ਨੂੰ ਜਾਣਕਾਰੀ ਹਿੱਤ।
4. ਡਾਇਰੈਕਟਰ ਸਿਹਤ ਸੇਵਾਵਾਂ, ਪੰਜਾਬ ਜੀ ਨੂੰ ਜਾਣਕਾਰੀ ਹਿੱਤ।
5. ਡਾਇਰੈਕਟਰ ਸਿਹਤ ਸੇਵਾਵਾਂ (ਪਰਿਵਾਰ ਭਲਾਈ), ਪੰਜਾਬ ਜੀ ਨੂੰ ਜਾਣਕਾਰੀ ਹਿੱਤ।
6. ਡਾਇਰੈਕਟਰ (ਈਐਸਆਈ), ਪੰਜਾਬ ਜੀ ਨੂੰ ਜਾਣਕਾਰੀ ਹਿੱਤ।
7. ਐਗਜ਼ੀਕਿਉਟਿਵ ਡਾਇਰੈਕਟਰ, ਐਸਐਚਐਸਆਰਸੀ, ਪੰਜਾਬ ਜੀ ਨੂੰ ਜਾਣਕਾਰੀ ਹਿੱਤ।
8. ਸਮੂਹ ਸਿਵਲ ਸਰਜਨ, ਪੰਜਾਬ ਨੂੰ ਜਾਣਕਾਰੀ ਤੇ ਯੋਗ ਕਾਰਵਾਈ ਹਿੱਤ।

**ਸਟੇਟ ਪ੍ਰੋਗਰਾਮ ਅਫ਼ਸਰ (ਆਈਈਸੀ)**
**ਐਨਐਚਐਮ, ਪੰਜਾਬ।**

**Annexure-2**

# ਪੰਜਾਬ ਸਰਕਾਰ
## ਸਿਹਤ ਤੇ ਪਰਿਵਾਰ ਭਲਾਈ ਵਿਭਾਗ
## (ਐਨਐਚਐਮ, ਪੰਜਾਬ)

ਨੰ. 3129 (ਆਰ) - 3136 (ਆਰ) ਮਿਤੀ, ਚੰਡੀਗੜ੍ਹ, 24 ਅਪ੍ਰੈਲ 2020

ਸੇਵਾ ਵਿਖੇ

1. ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰਜ਼/ਪ੍ਰਮੁੱਖ ਸਕੱਤਰ/ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।
2. ਸਮੂਹ ਵਿਭਾਗਾਂ ਦੇ ਮੁੱਖੀ, ਪੰਜਾਬ ਸਰਕਾਰ।
3. ਸਮੂਹ ਡਿਵੀਜ਼ਨਾਂ ਦੇ ਕਮਿਸ਼ਨਰਜ਼।
4. ਕਮਿਸ਼ਨਰ ਆਫ ਪੁਲਿਸ।
5. ਸਮੂਹ ਡਿਪਟੀ ਕਮਿਸ਼ਨਰ/ਜ਼ਿਲ੍ਹਾ ਤੇ ਸੈਸ਼ਨ ਜੱਜ, ਪੰਜਾਬ ਸਰਕਾਰ।
6. ਰਜਿਸਟਰਾਰ ਜਨਰਲ, ਪੰਜਾਬ ਤੇ ਹਰਿਆਣਾ ਹਾਈ ਕੋਰਟ।
7. ਸਮੂਹ ਸੀਨੀਅਰ ਸੁਪਰੀਟੈਂਡੈਂਟ ਆਫ ਪੁਲਿਸ।
8. ਸਕੱਤਰ, ਪੰਜਾਬ ਵਿਧਾਨ ਸਭਾ।

**ਵਿਸ਼ਾ :** **ਕੋਵਿਡ–19 ਮਹਾਂਮਾਰੀ ਦੌਰਾਨ ਘਰਾਂ/ਦਫ਼ਤਰਾਂ ਤੇ ਹਸਪਤਾਲਾਂ ਵਿੱਚ ਏਅਰ ਕੰਡੀਸ਼ਨਰ ਦੀ ਵਰਤੋਂ ਸੰਬੰਧੀ ਸਲਾਹ।**

ਕੋਰੋਨਾ ਵਾਇਰਸ (ਕੋਵਿਡ–19) ਸਿਸਟਮਿਕ ਬਿਮਾਰੀ ਹੈ, ਜੋ ਨੋਵਲ ਕੋਰੋਨਾ ਵਾਇਰਸ (SARS-CoV-2) ਨਾਲ ਹੁੰਦੀ ਹੈ ਅਤੇ ਜ਼ਿਆਦਾਤਰ ਮੌਕਿਆਂ ਤੇ ਛਿੱਕਾਂ ਤੇ ਖੰਘ ਦੇ ਛਿੱਟਿਆਂ ਰਾਹੀਂ ਸਾਹ ਜ਼ਰੀਏ ਅੰਦਰ ਜਾਣ ਨਾਲ, ਪੀੜ੍ਹਤ ਵਿਅਕਤੀ ਦੇ ਸੰਪਰਕ ਵਿੱਚ ਆਉਣ ਨਾਲ ਅਤੇ ਸੰਕ੍ਰਮਿਤ ਚੀਜ਼ਾਂ/ਵਸਤੂਆਂ ਨੂੰ ਛੂਹਣ ਨਾਲ ਫ਼ੈਲਦੀ ਹੈ। ਹਾਲਾਂਕਿ ਇਹ ਵਾਇਰਸ ਵੱਖ–ਵੱਖ ਸਤਿਹਾਂ ਉਪਰ ਵੱਖ–ਵੱਖ ਸਮੇਂ ਤੱਕ ਜੀਵਿਤ ਰਹਿੰਦਾ ਹੈ, ਪਰ ਕੈਮੀਕਲ ਡਿਸਇਨਫੈਕਟੈਂਟ ਨਾਲ ਇਹ ਆਸਾਨੀ ਨਾਲ ਖ਼ਤਮ ਹੋ ਜਾਂਦਾ ਹੈ। ਇਸ ਲਈ ਜੇਕਰ ਸਹੀ ਅਤੇ ਸਮੇਂ ਤੇ ਜਾਣਕਾਰੀ ਹੋਵੇ ਤਾਂ ਕੋਰੋਨਾ ਵਾਇਰਸ ਮਹਾਂਮਾਰੀ ਨੂੰ ਰੋਕਿਆ ਜਾ ਸਕਦਾ ਹੈ।

ਪਿੱਛਲੇ ਕੁਝ ਹਫ਼ਤਿਆਂ ਤੋਂ ਗਰਮੀ ਦੇ ਮੌਸਮ ਦੀ ਸ਼ੁਰੂਆਤ ਹੋਣ ਦੇ ਚੱਲਦੇ ਏਅਰ ਕੰਡੀਸ਼ਨਰਾਂ / ਕੂਲਰਾਂ ਦਾ ਕੋਵਿਡ–19 ਦੇ ਮੱਦੇਨਜ਼ਰ ਸੁਰੱਖਿਅਤ ਢੰਗ ਨਾਲ ਵਰਤੋਂ ਕਰਨ ਸੰਬੰਧੀ ਕੁਝ ਸਵਾਲਿਆ ਨਿਸ਼ਾਨ ਸਾਹਮਣੇ ਆਏ ਹਨ। ਏਅਰ ਕੰਡੀਸ਼ਨਰ ਇੱਕ ਕਮਰੇ ਵਿਚਲੀ ਹਵਾ ਨੂੰ ਘੁੰਮਾ ਕੇ (ਰੀ–ਸਰਕੁਲੇਟ) ਦੁਬਾਰਾ ਠੰਡਾ ਕਰਨ ਦੇ ਨਿਯਮ ਤੇ ਕੰਮ ਕਰਦਾ ਹੈ ਅਤੇ ਮੌਜੂਦਾ ਕੋਵਿਡ–19 ਦੀ ਸਥਿਤੀ ਵਿੱਚ ਕੁਝ ਚਿੰਤਾਜਨਕ ਸ਼ੰਕਾਵਾਂ ਸਾਹਮਣੇ ਆ ਰਹੀਆਂ ਹਨ ਕਿ ਏਅਰ ਕੰਡੀਸ਼ਨਰ ਦੀ ਵੱਡੇ ਸਥਾਨਾਂ ਜਿਵੇਂ ਕਿ ਮਾਲ, ਦਫ਼ਤਰ, ਹਸਪਤਾਲ ਆਦਿ ਵਿੱਚ ਵਰਤੋਂ ਦੇ ਨਾਲ ਲੋਕਾਂ ਨੂੰ ਖ਼ਤਰਾ ਹੋ ਸਕਦਾ ਹੈ।

ਇਸ ਦੇ ਚੱਲਦੇ ਸੂਬੇ ਵੱਲੋਂ ਅਜਿਹੀਆਂ ਸ਼ੰਕਾਵਾਂ ਨੂੰ ਦੂਰ ਕਰਨ ਲਈ ਏਅਰ ਕੰਡੀਸ਼ਨਰ / ਕੂਲਰਾਂ ਦੀ ਵੱਖ-ਵੱਖ ਥਾਵਾਂ ਤੇ ਵਰਤੋਂ ਸੰਬੰਧੀ ਹੇਠਾਂ ਲਿਖੇ ਦਿਸ਼ਾ ਨਿਰਦੇਸ਼ ਜਾਰੀ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ। ਵੱਖ-ਵੱਖ ਥਾਵਾਂ ਤੇ ਏਸੀ ਦੀ ਵਰਤੋਂ ਕਰਨ ਸੰਬੰਧੀ ਜ਼ਰੂਰੀ ਸਲਾਹਾਂ / ਦਿਸ਼ਾ ਨਿਰਦੇਸ਼ ਹੇਠ ਲਿਖੇ ਅਨੁਸਾਰ ਹਨ –

**ਸੈਕਸ਼ਨ-ੳ : ਘਰੇਲੂ ਥਾਵਾਂ**

1. **ਰੂਮ ਏਅਰ ਕੰਡੀਸ਼ਨਰਜ਼ (ਵਿੰਡੋ / ਸਪਲਿੱਟ)**

- ਏਅਰ ਕੰਡੀਸ਼ਨਰ ਦੁਆਰਾ ਕਮਰੇ ਵਿੱਚ ਵਾਰ-ਵਾਰ ਘੁੰਮਣ ਵਾਲੀ ਹਵਾ ਵਿੱਚ ਬਾਹਰੀ ਤਾਜ਼ੀ ਹਵਾ ਦਾ ਮੇਲ ਜ਼ਰੂਰੀ ਹੈ, ਜਿਸ ਲਈ ਖਿੜਕੀ ਨੂੰ ਥੋੜ੍ਹਾ ਜਿਹਾ ਖੋਲ੍ਹ ਕੇ ਰੱਖਿਆ ਜਾ ਸਕਦਾ ਹੈ ਤਾਂ ਜੋ ਕੁਦਰਤੀ ਹਵਾ ਕਮਰੇ ਵਿੱਚ ਦਾਖਿਲ ਹੋ ਸਕੇ ਅਤੇ ਬੰਦ ਹਵਾ ਨੂੰ ਬਾਹਰ ਜਾਣ ਦਾ ਰਸਤਾ ਮਿਲ ਪਾਵੇ।
- ਕਮਰੇ ਦਾ ਤਾਪਮਾਨ 24 ਤੋਂ 27 ਡਿਗਰੀ ਸੈਲਸੀਅਸ ਵਿੱਚ ਸੈੱਟ ਕੀਤਾ ਜਾਵੇ ਅਤੇ ਨਮੀਂ (ਹਿਊਮੀਡਿਟੀ) ਨੂੰ 40 ਤੋਂ 70 ਪ੍ਰਤੀਸ਼ਤ ਵਿੱਚ ਰੱਖੀ ਜਾਵੇ।
- ਏਅਰ ਕੰਡੀਸ਼ਨਰ ਦੀ ਸਮੇਂ-ਸਮੇਂ ਤੇ ਸਰਵਿਸ ਕਰਵਾਈ ਜਾਵੇ ਤਾਂ ਜੋ ਫਿਲਟਰ ਸਾਫ਼ ਰਹਿਣ।
- ਜ਼ਿਆਦਾ ਲੋਕਾਂ ਵਾਲੇ ਕਮਰੇ ਵਿੱਚ ਹਵਾ ਬਾਹਰ ਕੱਢਣ ਵਾਲਾ ਪੱਖਾ (ਐਗਜ਼ਾਸਟਫੈਨ) ਲਗਾਇਆ ਜਾ ਸਕਦਾ ਹੈ, ਜਿਸ ਨਾਲ ਕਮਰੇ ਵਿੱਚ ਨੈਗੇਟਿਵ ਪ੍ਰੈਸ਼ਰ ਬਣੇ ਅਤੇ ਤਾਜ਼ੀ ਹਵਾ ਦਾ ਚਲਣ ਰਹੇ।
- ਕਮਰੇ ਵਿੱਚ ਘੁੰਮ ਰਹੀ ਹਵਾ ਨੂੰ ਸਮੇਂ-ਸਮੇਂ ਤੇ ਬਾਹਰ ਕੱਢਿਆ ਜਾਵੇ।

2. **ਅਵੈਪੋਰੇਟਿਵ/ਡੈਜ਼ਰਟ ਏਅਰ ਕੂਲਰ (Evaporative/Desert Air Cooler)**

- ਇਹ ਸਲਾਹ ਹੈ ਕਿ ਧੂੜ-ਮਿੱਟੀ ਨੂੰ ਅੰਦਰ ਨਾ ਆਉਣ ਦਿੱਤਾ ਜਾਵੇ ਅਤੇ ਸਾਫ਼-ਸਫ਼ਾਈ (ਹਾਈਜੀਨ) ਰੱਖੀ ਜਾਵੇ। ਅਵੈਪੋਰੇਟਿਵ ਕੂਲਰਾਂ ਦੇ ਟੈਂਕਾਂ ਨੂੰ ਸਾਫ਼ ਤੇ ਰੋਗਾਣੂ ਮੁਕਤ ਕਰਨਾ ਜ਼ਰੂਰੀ ਹੈ ਅਤੇ ਸਮੇਂ-ਸਮੇਂ ਤੇ ਪਾਣੀ ਨੂੰ ਤਾਜ਼ਾ ਪਾਣੀ ਭਰ ਕੇ ਬਦਲਿਆ ਜਾਵੇ।
- **ਏਅਰ ਕੂਲਰਾਂ ਨੂੰ ਰੋਗਾਣੂ ਮੁਕਤ ਕਰਨਾ –** ਅਵੈਪੋਰੇਟਿਵ ਏਅਰ ਕੂਲਰਾਂ ਨੂੰ ਸਮੇਂ-ਸਮੇਂ ਤੇ ਸਾਫ਼ ਤੇ ਰੋਗਾਣੂ ਮੁਕਤ ਕੀਤਾ ਜਾਵੇ। ਪਾਣੀ ਵਾਲੇ ਟੈਂਕ ਨੂੰ ਖਾਲੀ ਕਰਕੇ ਕਿਸੇ ਸਾਫ਼ ਕੱਪੜੇ, ਸਪੰਜ ਅਤੇ ਗਰਮ ਪਾਣੀ ਨਾਲ ਸਾਫ਼ (ਪੂੰਜਿਆ) ਕੀਤਾ ਜਾਵੇ ਤਾਂ ਜੋ ਪਿੱਛਲੀ ਸਫ਼ਾਈ ਦੇ ਸਮੇਂ ਤੋਂ ਬਾਅਦ ਜਮ੍ਹਾਂ ਹੋਈ ਗੰਦਗੀ ਨੂੰ ਸਾਫ਼ ਕੀਤਾ ਜਾ ਸਕੇ। ਇਸਤੋਂ ਇਲਾਵਾ ਟੈਂਕ ਨੂੰ ਹਲਕੇ ਸਾਬਣ ਵਾਲੇ ਪਾਣੀ ਦਾ ਇਸਤੇਮਾਲ ਕਰਨ ਉਪਰੰਤ ਸਾਫ਼ ਤਾਜ਼ੇ ਪਾਣੀ ਨਾਲ ਧੋਇਆ ਜਾ ਸਕਦਾ ਹੈ।
- ਸਹੀ ਵੈਂਟੀਲੇਸ਼ਨ ਲਈ ਅਵੈਪੋਰੇਟਿਵ ਕੂਲਰ ਵਿੱਚ ਬਾਹਰ ਦੀ ਤਾਜ਼ਾ ਹਵਾ ਆਉਣਾ ਜ਼ਰੂਰੀ ਹੈ।

3. **ਪੱਖੇ:**

1. ਪੱਖਿਆਂ ਨੂੰ ਚਲਾਉਣ ਸਮੇਂ ਖਿੜਕੀਆਂ ਨੂੰ ਥੋੜ੍ਹਾ ਜਿਹਾ ਖੋਲ੍ਹ ਕੇ ਰੱਖਿਆ ਜਾਵੇ।

2. ਜੇਕਰ ਨਜ਼ਦੀਕ ਹੀ ਕੋਈ ਐਗਜ਼ਾਸਟ ਫੈਨ ਲੱਗਿਆ ਹੈ ਤਾਂ ਉਸਨੂੰ ਚੱਲਦਾ ਰੱਖੋ ਤਾਂ ਜੋ ਹਵਾ ਦਾ ਬਿਹਤਰ ਵਹਾਅ ਹੋ ਸਕੇ।

## ਸੈਕਸ਼ਨ – ਅ : ਵਪਾਰਿਕ (ਕਮਰਸ਼ੀਅਲ) ਤੇ ਉਦਯੋਗਿਕ (ਇੰਡਸਟਰੀਅਲ) ਥਾਵਾਂ

1. ਕੋਵਿਡ–19 ਦੇ ਖ਼ਤਰੇ ਦੇ ਹਵਾ ਵਿੱਚ ਫ਼ੈਲਾਵ ਨੂੰ ਘੱਟੋ-ਘੱਟ ਰੱਖਣ ਲਈ ਜ਼ਰੂਰੀ ਹੈ ਕਿ ਅੰਦਰੂਨੀ ਵਾਤਾਵਰਣ ਵਿੱਚ ਵੱਧ ਤੋਂ ਵੱਧ ਬਾਹਰੀ ਹਵਾ ਆਉਣੀ ਚਾਹੀਦੀ ਹੈ।

2. ਸਿਰਫ਼ ਖਿੜਕੀਆਂ ਖੋਲ੍ਹਣ ਦੀ ਜਗ੍ਹਾਂ ਤੇ ਜੇਕਰ ਵੈਂਟੀਲੇਸ਼ਨ ਵਾਲਾ ਮਕੈਨੀਕਲ ਵੈਂਟੀਲੇਸ਼ਨ ਸਿਸਟਮਜ਼ ਅਤੇ ਏਅਰ ਕੰਡੀਸ਼ਨਿੰਗ ਸਿਸਟਮਜ਼ ਹੋਵੇ ਤਾਂ ਜ਼ਿਆਦਾ ਬਿਹਤਰ ਤਰੀਕੇ ਨਾਲ ਬਾਹਰੀ ਹਵਾ ਨੂੰ ਫਿਲਟਰ ਕਰਕੇ ਅੰਦਰੂਨੀ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਲਿਆਇਆ ਜਾ ਸਕਦਾ ਹੈ।

3. ਜੇਕਰ ਤਾਜ਼ੀ ਹਵਾ ਉਪਲਬੱਧ ਨਾ ਹੋ ਰਹੀ ਹੋਵੇ ਤਾਂ ਇਹ ਸਿਫਾਰਿਸ਼ ਕੀਤੀ ਜਾਂਦੀ ਹੈ ਕਿ ਤਾਜ਼ੀ ਹਵਾ ਲਈ ਸੈਂਟਰਲ ਇਨਲਾਈਨ ਫੈਨ ਫਿਲਟਰ ਯੂਨਿਟ ਨਾਲ ਇੱਕ ਏਅਰ ਡਕਟ (ਹਵਾ ਵਾਲੀ ਪਾਈਪ) ਜੋੜ ਦਿੱਤੀ ਜਾਵੇ ਅਤੇ ਜੇਕਰ ਮਲਟੀਪਲ ਕੈਸੇਟ ਜਾਂ ਮਲਟੀਪਲ ਹਾਈ ਵਾਲ ਯੂਨਿਟ ਹੋਣ ਤਾਂ ਤਾਜ਼ੀ ਹਵਾ ਨੂੰ ਗਰਿਲਾਂ ਰਾਹੀਂ ਅੰਦਰੂਨੀ ਖੇਤਰ ਵਿੱਚ ਜਾਂ ਉਸਦੇ ਨਜ਼ਦੀਕ ਪਹੁੰਚਾਇਆ ਜਾ ਸਕਦਾ ਹੈ।

4. ਤਾਜ਼ੀ ਹਵਾ ਦੀ ਘੱਟੋ-ਘੱਟ ਮਾਤਰਾ 3 ਕਿਊਬਿਕ ਮੀਟਰ/ਘੰਟਾ ਪ੍ਰਤੀ ਵਿਅਕਤੀ ਅਤੇ 3.75 ਕਿਊਬਿਕ ਮੀਟਰ /ਘੰਟਾ ਪ੍ਰਤੀ ਸਕੇਅਰ ਮੀਟਰ (5 ਸੀਐਫਐਮ ਪ੍ਰਤੀ ਵਿਅਕਤੀ ਅਤੇ 0.6 ਸੀਐਫਐਮ ਪ੍ਰਤੀ ਸਕੇਅਰ ਫੁੱਟ) ਦੀ ਸਿਫਾਰਿਸ਼ ਕੀਤੀ ਜਾਂਦੀ ਹੈ।

5. ਡਕਟ ਫੈਨ ਕੁਆਲਿਡ ਅਤੇ ਏਅਰ ਹੈਂਡਲਿੰਗ ਯੂਨਿਟਾਂ ਦੇ ਮਾਮਲੇ ਵਿੱਚ ਇਨਲੈੱਟ ਡਕਟ ਅਤੇ ਪੱਖੇ ਨਾਲ ਤਾਜ਼ੀ ਹਵਾ ਦੀ ਸਪਲਾਈ ਕੀਤੀ ਜਾਵੇ।

6. ਜਿਹੜੀਆਂ ਇਮਾਰਤਾਂ ਵਿੱਚ ਮਕੈਨੀਕਲ ਵੈਂਟੀਲੇਸ਼ਨ ਸਿਸਟਮ ਨਹੀਂ ਹੈ। ਉਨ੍ਹਾਂ ਵਿੱਚ ਖੁੱਲਣ ਵਾਲੀਆਂ ਖਿੜਕੀਆਂ ਦਾ ਉਪਯੋਗ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ।

7. ਇਹ ਸਿਫਾਰਿਸ਼ ਕੀਤੀ ਜਾਂਦੀ ਹੈ ਕਿ ਰੀ-ਸਰਕੂਲੇਟ ਸਿਸਟਮ ਦੇ ਮਾਮਲੇ ਵਿੱਚ ਰਿਟਰਨ ਏਅਰ ਸਰਕੂਲੇਸ਼ਨ ਨੂੰ ਸੀਮਿਤ ਕੀਤਾ ਜਾਵੇ। ਇਸ ਰਿਟਰਨ ਏਅਰ ਸਿਸਟਮ ਨੂੰ ਐਗਜ਼ਾਸਟ ਸਿਸਟਮ ਵਿੱਚ ਬਦਲਿਆ ਜਾ ਸਕਦਾ ਹੈ।

## ਸੈਕਸ਼ਨ- ੲ : ਸਿਹਤ ਸੰਸਥਾਵਾਂ (ਹੈਲਥ ਕੇਅਰ ਫੈਸਲੀਟੀਜ਼)

1. ਸਿਹਤ ਸੰਸਥਾਵਾਂ ਵਿੱਚ ਖ਼ਾਸ ਤੌਰ ਤੇ ਕੋਵਿਡ-19 ਵਾਰਡਾਂ ਜਾਂ ਆਈਸੋਲੇਸ਼ਨ ਸੈਂਟਰਾਂ ਵਿੱਚ ਸੰਕਰਮਣ ਫ਼ੈਲਣ ਦਾ ਖ਼ਤਰਾ ਜ਼ਿਆਦਾ ਰਹਿੰਦਾ ਹੈ।

2. ਇਸ ਲਈ ਸਲਾਹ ਦਿੱਤੀ ਜਾਂਦੀ ਹੈ ਕਿ ਇਨ੍ਹਾਂ ਖੇਤਰਾਂ ਵਿੱਚ ਬਾਕੀ ਸਾਰੇ ਹਸਪਤਾਲ ਜਾਂ ਬਿਲਡਿੰਗ ਨਾਲੋਂ ਏਅਰ ਕੰਡੀਸ਼ਨਿੰਗ ਸਿਸਟਮ ਵੱਖਰਾ ਹੋਵੇ ਤਾਂ ਜੋ ਸੰਭਾਵਿਤ ਸੰਕ੍ਰਮਿਤ ਹਵਾ ਜਾਂ ਛਿੱਟਿਆਂ ਨੂੰ ਫੈਲਣ ਤੋਂ ਰੋਕਿਆ ਜਾ ਸਕੇ।

3. ਉਹ ਕੁਝ ਥਾਵਾਂ ਜਿਥੇ ਵੱਖਰੀ ਏਅਰ ਕੰਡੀਸ਼ਨਿੰਗ ਨਹੀਂ ਕੀਤੀ ਜਾ ਸਕਦੀ। ਉਥੇ ਇਕੱਠੀ ਹੋਈ ਬਾਹਰ ਜਾਣ ਵਾਲੀ ਹਵਾ (exhaust air) ਵਿੱਚ ਸੰਕ੍ਰਮਿਤ ਰੋਗਾਣੂ ਹੋਣ ਦੀ ਸੰਭਾਵਨਾ ਰਹਿੰਦੀ ਹੈ ਅਤੇ ਇਸ ਲਈ ਉਪਯੁਕਤ ਤਕਨੀਕ ਦੀ ਵਰਤੋਂ ਕਰਕੇ ਸੰਕ੍ਰਮਣ ਨੂੰ ਫੈਲਣ ਦੇ ਖ਼ਤਰੇ ਤੋਂ ਬਚਾਅ ਕੀਤਾ ਜਾ ਸਕਦਾ ਹੈ। ਕੋਵਿਡ-19 ਪ੍ਰਭਾਵਿਤ ਮਰੀਜ ਦੇ ਕਮਰੇ ਦੀ ਐਗਜ਼ਾਸਟ ਹਵਾ ਦਾ ਟਰੀਟਮੈਂਟ, ਹੈਪਾ-ਫਿਲਟਰੇਸ਼ਨ ਜਾਂ ਕੈਮੀਕਲ ਡਿਸਇਨਫੈਕਸ਼ਨ ਨਾਲ ਕੀਤਾ ਜਾ ਸਕਦਾ ਹੈ, ਹਵਾ ਦੀ ਬਬਲਿੰਗ ਕਰਨ ਲਈ ਗੈਰ ਧਾਤੂ ਮਟੀਰੀਅਲ ਵਾਲੇ **ਡਿਫਿਊਜ਼ਡ ਏਅਰ ਏਰੀਏਟਰ ਟੈਂਕ** ਦਾ ਇਸਤੇਮਾਲ ਕੀਤਾ ਜਾ ਸਕਦਾ ਹੈ, ਜਿਸ ਵਿੱਚ 1 ਪ੍ਰਤੀਸ਼ਤ ਸੋਡੀਅਮ ਹਾਈਪੋਕਲੋਰਾਈਟ ਸੋਲਿਊਸ਼ਨਸ ਦੀ ਵਰਤੋਂ ਕੀਤੀ ਜਾਵੇ।

4. ਐਗਜ਼ਾਸਟ ਹਵਾ ਦਾ ਟਰੀਟਮੈਂਟ ਕਰਨ ਲਈ ਇਸ ਨੂੰ 45 ਮਿੰਟ ਤੱਕ 75 ਡਿਗਰੀ ਸੈਲਸੀਅਸ ਤਾਪਮਾਨ ਵਿੱਚ ਲਿਆ ਕੇ ਵੀ SARS-CoV ਦੇ ਪ੍ਰਭਾਵ ਨੂੰ ਘੱਟ ਕੀਤਾ ਜਾ ਸਕਦਾ ਹੈ।

5. ਇਸੇ ਤਰ੍ਹਾਂ ਯੂਵੀਸੀ SARS-CoV (254 nm wavelength) ਇੱਕ ਰੇਡੀਏਸ਼ਨ ਦੀ 4016 $\mu W/Cm^2$ ਇੱਕ ਰੈਡੀਏਸ਼ਨ ਇਨਟੈਂਸਿਟੀ ਦੀ 15 ਮਿੰਟ ਵਰਤੋਂ ਨਾਲ SARS-CoV ਪ੍ਰਭਾਵ ਪੂਰੀ ਤਰ੍ਹਾਂ ਖ਼ਤਮ ਹੋ ਜਾਂਦਾ ਹੈ।

6. ਐਗਜ਼ਾਸਟ ਸਿਸਟਮ ਵਿੱਚ ਐਕਟਿਵ ਵਾਇਰਲ ਪਾਰਟੀਕਲ ਮੌਜੂਦ ਹੋਣ ਦੀ ਸੰਭਾਵਨਾ ਦੇ ਚੱਲਦੇ ਇਹ ਸਿਫਾਰਿਸ਼ ਕੀਤੀ ਜਾਂਦੀ ਹੈ ਕਿ ਐਗਜ਼ਾਸਟ ਸਿਸਟਮ ਦੀ ਮੈਂਟੀਨੈਂਸ ਦੇ ਸਮੇਂ ਉਪਯੁਕਤ ਨਿੱਜੀ ਅਤੇ ਵਾਤਾਵਰਣ ਸੁਰੱਖਿਆ ਨਿਯਮਾਵਲੀ ਦੀ ਪਾਲਣਾ ਕੀਤੀ ਜਾਵੇ।

7. ਕੋਵਿਡ-19 ਦੇ ਕਣਾਂ ਤੋਂ ਬਚਾਅ ਲਈ ਸੀਮਿਤ ਸਰੋਤਾਂ ਵਾਲੇ ਸਥਾਨਾਂ ਤੇ ਆਈਸੋਲੇਸ਼ਨ ਲਈ ਕੁਝ ਅਸਥਾਈ ਦੀਵਾਰਾਂ ਬਣਾ ਕੇ ਸੁਰੱਖਿਆ ਪ੍ਰਦਾਨ ਕੀਤੀ ਜਾ ਸਕਦੀ ਹੈ। ਇਹ ਅਸਥਾਈ ਢਾਂਚੇ ਵਾਲੇ ਟੈਂਟ ਜਾਂ ਕਿਊਬੀਕਲ (ਪਲਾਸਟਿਕ ਜਾਂ ਧਾਤੂ) ਨੂੰ ਪਲਾਸਟਿਕ ਸ਼ੀਟ ਜਾਂ ਕੈਨਵਸ ਕਵਰ ਦਾ ਇਸਤੇਮਾਲ ਕਰਕੇ ਬਣਾਇਆ ਜਾ ਸਕਦਾ ਹੈ।

8. ਏਕਾਂਤਵਾਸ ਕੇਂਦਰ ਹਵਾਦਾਰ ਹੋਣੇ ਚਾਹੀਦੇ ਹਨ ਅਤੇ ਨੈਗੇਟਿਵ ਜਾਂ ਨਿਊਟ੍ਰਲ ਪ੍ਰੈਸ਼ਰ ਤੇ ਮੈਂਟੇਨ ਹੋਣੇ ਚਾਹੀਦੇ ਹਨ। ਜਦੋਂ ਮਕੈਨੀਕਲ ਵੈਂਟੀਲੇਸ਼ਨ ਦੀ ਵਰਤੋਂ ਕੀਤੀ ਜਾਵੇ ਤਾਂ ਇੱਕ ਵਾਰ ਵਰਤੋਂ ਵਾਲਾ (once through - non recalculating system) ਹੋਣਾ ਚਾਹੀਦਾ ਹੈ, ਜੋ ਕਿ ਸਾਫ਼ ਤੋਂ ਗੰਦੀ (ਮਰੀਜਾਂ ਵੱਲ ਸਾਫ਼ ਅਤੇ ਐਗਜ਼ਾਸਟ ਵੱਲ ਗੰਦੀ) ਹਵਾ ਲੈ ਜਾਣ ਦੇ ਵਹਾਅ ਦੇ ਤਰੀਕੇ ਅਨੁਸਾਰ ਕੰਮ ਵਿੱਚ ਲਿਆਂਦਾ ਜਾਵੇ।

9. ਯੂਨਿਟਾਂ ਦਾ ਬਚਾਅ ਮੈਨੂਫੈਕਚਰਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਕੀਤੀ ਜਾਵੇ। ਜਿਸ ਵਿੱਚ ਡਿਸਇਨਫੈਕਸ਼ਨ ਅਤੇ ਸਫ਼ਾਈ ਹੇਠ ਲਿਖੇ ਅਨੁਸਾਰ ਕੀਤੀ ਜਾਵੇ।

- **ਫਿਲਟਰ ਗਰਿਲਾਂ, ਡਿਫਿਊਜ਼ਰਜ਼ ਅਤੇ ਅੰਦਰੂਨੀ ਸਤਿਹਾਂ (Surface)** – ਇਹ ਸਿਫਾਰਿਸ਼ ਕੀਤੀ ਜਾਂਦੀ ਹੈ ਕਿ 5 ਪ੍ਰਤੀਸ਼ਤ ਕ੍ਰੀਸੋਲ ਘੋਲ (50 ਪ੍ਰਤੀਸ਼ਤ ਕ੍ਰੀਸੋਲ ਅਤੇ 50 ਪ੍ਰਤੀਸ਼ਤ ਤਰਲ ਸਾਬਣ ਦੇ ਘੋਲ ਵਾਲਾ) ਦਾ ਇਸਤੇਮਾਲ ਡਿਸਇਨਫੈਕਸ਼ਨ ਲਈ ਕੀਤਾ ਜਾਵੇ। ਇਸ 1 ਲੀਟਰ ਘੋਲ ਨੂੰ 9 ਲੀਟਰ ਪਾਣੀ ਵਿੱਚ ਮਿਲਾਇਆ ਜਾਵੇ। ਸਤਿਹਾਂ (Surface) ਤੇ ਇਸ ਘੋਲ ਦਾ ਸਪਰੇਅ ਕੀਤਾ ਜਾਵੇ ਅਤੇ 10 ਮਿੰਟ ਲਈ ਛੱਡਣ ਤੋਂ ਬਾਅਦ ਪਾਣੀ ਨਾਲ ਧੋਤਾ ਜਾਂ ਕੱਪੜੇ ਨਾਲ ਸਾਫ਼ ਕੀਤਾ ਜਾਵੇ। ਇਹ ਤਕਨੀਕ ਸਿਰਫ਼ ਧੋਤੇ ਜਾਣ ਵਾਲੇ ਫਿਲਟਰਾਂ (washable filters) ਲਈ ਹੈ।
- **ਕੰਡੈਨਸੇਟ ਡਰੇਨ ਪੈਨ** – ਕੰਡੈਨਸੈੱਟ ਡਰੇਨ ਪੈਨ ਦੀ ਡਿਸਇਨਫੈਕਸ਼ਨ / ਟਰੀਟਮੈਂਟ ਯੂਵੀ ਤਕਨੀਕ ਨਾਲ ਜਾਂ 1 ਪ੍ਰਤੀਸ਼ਤ ਸੋਡੀਅਮ ਹਾਈਪੋਕੋਲੋਰਾਈਟ ਨਾਲ ਕਰਨ ਦੀ ਸਿਫਾਰਿਸ਼ ਕੀਤੀ ਜਾਂਦੀ ਹੈ। ਇਹ ਸਿਰਫ਼ ਉਸ ਸਮੇਂ ਹੀ ਵਰਤੋਂ ਵਿੱਚ ਆਵੇਗਾ, ਜੇਕਰ HVAC ਉਪਕਰਣ ਰੀ–ਸਰਕਲ ਮੋਡ ਤੇ ਕੰਮ ਕਰ ਰਿਹਾ ਹੈ।
- **ਕੁਆਇਲਸ** – ਕੁਆਇਲਸ ਦੀ ਸਫ਼ਾਈ ਲਈ ਨਿਰਧਾਰਿਤ ਸਿਫਾਰਿਸ਼ਾਂ ਦੀ ਪਾਲਣਾ ਕੀਤੀ ਜਾਵੇ ਅਤੇ ਉਪਰ ਦਰਸਾਏ ਫਿਲਟਰ ਸਾਫ਼ ਕਰਨ ਵਾਲੇ ਤਰੀਕਿਆਂ ਅਨੁਸਾਰ ਸੈਨੀਟਾਈਜ਼ ਕੀਤਾ ਜਾਵੇ।
- ਤਾਜ਼ੀ ਹਵਾ ਅਤੇ ਵੈਂਟੀਲੇਸ਼ਨ ਸਿਸਟਮਾਂ ਨੂੰ ਆਫ ਸਾਈਕਲ ਦੌਰਾਨ ਚੱਲਦਾ ਰੱਖਿਆ ਜਾਵੇ ਅਤੇ ਛੁੱਟੀ ਜਾਂ ਹਫ਼ਤੇ ਦੇ ਅੰਤਿਮ ਦਿਨ ਨੂੰ ਏਅਰ ਸਰਕੂਲੇਸ਼ਨ ਮੋਡ ਵਿੱਚ ਰੱਖਿਆ ਜਾਵੇ।

**ਸੈਕਸ਼ਨ-ਸ : ਦਫ਼ਤਰ**

1. ਦਫ਼ਤਰਾਂ ਵਿੱਚ ਗਰਮੀ ਦੇ ਮੌਸਮ ਵਿੱਚ ਵੱਖ-ਵੱਖ ਤਰ੍ਹਾਂ ਦੀ ਏਅਰ ਕੰਡੀਸ਼ਨਿੰਗ ਵਰਤੀ ਜਾਂਦੀ ਹੈ, ਜਿਵੇਂ ਕਿ ਵਿੰਡੋ/ਸਪਲਿਟ ਏਅਰ ਕੰਡੀਸ਼ਨਰ/ਸੈਂਟਰਲ ਏਅਰ ਕੰਡੀਸ਼ਨਰ/ਕੂਲਰ ਆਦਿ। ਮੈਨੇਜਮੈਂਟ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਦਫ਼ਤਰ ਵਿੱਚ ਵਰਤੀ ਜਾਣ ਵਾਲੀ ਏਅਰ ਕੰਡੀਸ਼ਨਿੰਗ ਤਕਨੀਕ ਅਨੁਸਾਰ ਇਸ ਐਡਵਾਈਜ਼ਰੀ ਵਿੱਚ ਸੰਬੰਧਿਤ ਸੈਕਸ਼ਨ ਵਿੱਚ ਦਰਸਾਏ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ।

**ਸਕੱਤਰ ਸਿਹਤ ਅਤੇ**
**ਮਿਸ਼ਨ ਡਾਇਰੈਕਟਰ, ਐਨਐਚਐਮ, ਪੰਜਾਬ।**

ਨੰ. 3137 (ਆਰ) – 3138 (ਆਰ) ਮਿਤੀ, ਚੰਡੀਗੜ੍ਹ, 24 ਅਪ੍ਰੈਲ 2020

ਉਤਾਰਾ :-

1. ਓਐਸਡੀ ਟੂ ਮੁੱਖ ਸਕੱਤਰ, ਪੰਜਾਬ ਨੂੰ ਮਾਣਯੋਗ ਮੁੱਖ ਸਕੱਤਰ ਜੀ ਦੀ ਜਾਣਕਾਰੀ ਹਿੱਤ।
2. ਪੀਐਸ ਟੂ ਪ੍ਰਮੁੱਖ ਸਕੱਤਰ (ਸਿਹਤ), ਪੰਜਾਬ ਨੂੰ ਪ੍ਰਮੁੱਖ ਸਕੱਤਰ ਸਿਹਤ ਜੀ ਦੀ ਜਾਣਕਾਰੀ ਹਿੱਤ।

**ਸਕੱਤਰ ਸਿਹਤ ਅਤੇ**
**ਮਿਸ਼ਨ ਡਾਇਰੈਕਟਰ, ਐਨਐਚਐਮ, ਪੰਜਾਬ।**

ਨੰ. 3139 (ਆਰ) - 3145 (ਆਰ) ਮਿਤੀ, ਚੰਡੀਗੜ੍ਹ, 24 ਅਪ੍ਰੈਲ 2020

ਉਤਾਰਾ :-

1. ਕਮਿਸ਼ਨਰ, ਐਫਡੀਏ, ਪੰਜਾਬ ਜੀ ਨੂੰ ਜਾਣਕਾਰੀ ਹਿੱਤ।
2. ਮੈਨੇਜਿੰਗ ਡਾਇਰੈਕਟਰ, ਪੀਐਚਐਸਸੀ ਜੀ ਨੂੰ ਜਾਣਕਾਰੀ ਹਿੱਤ।
3. ਕਮਿਸ਼ਨਰ ਆਯੂਸ਼ ਕਮ ਪ੍ਰੋਜੈਕਟ ਡਾਇਰੈਕਟਰ, ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਜੀ ਨੂੰ ਜਾਣਕਾਰੀ ਹਿੱਤ।
4. ਡਾਇਰੈਕਟਰ ਸਿਹਤ ਸੇਵਾਵਾਂ, ਪੰਜਾਬ ਜੀ ਨੂੰ ਜਾਣਕਾਰੀ ਹਿੱਤ।
5. ਡਾਇਰੈਕਟਰ ਸਿਹਤ ਸੇਵਾਵਾਂ (ਪਰਿਵਾਰ ਭਲਾਈ), ਪੰਜਾਬ ਜੀ ਨੂੰ ਜਾਣਕਾਰੀ ਹਿੱਤ।
6. ਡਾਇਰੈਕਟਰ (ਈਐਸਆਈ), ਪੰਜਾਬ ਜੀ ਨੂੰ ਜਾਣਕਾਰੀ ਹਿੱਤ।
7. ਸਮੂਹ ਸਿਵਲ ਸਰਜਨ, ਪੰਜਾਬ ਨੂੰ ਜਾਣਕਾਰੀ ਤੇ ਯੋਗ ਕਾਰਵਾਈ ਹਿੱਤ।

**ਸਟੇਟ ਪ੍ਰੋਗਰਾਮ ਅਫ਼ਸਰ (ਆਈਈਸੀ)**
**ਐਨਐਚਐਮ, ਪੰਜਾਬ।**